ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 16 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੨ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਲੱਗਿਆ ਵੱਡਾ ਝਟਕਾ ;ਅਜਨਾਲਾ ਥਾਣੇ 'ਤੇ ਹਮਲੇ ਮਾਮਲੇ 'ਚ ਦੋਸ਼ ਹੋਏ ਤੈਅ

**ਅੰਮ੍ਰਿਤਸਰ, 15 ਮਈ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਸਾਂਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਅੰਮ੍ਰਿਤਸਰ ਅਦਾਲਤ ਤੋਂ ਵੱਡਾ ਝਟਕਾ ਲੱਗਿਆ ਹੈ। ਦੱਸ ਦਈਏ ਕਿ ਸਾਂਸਦ ਅੰਮ੍ਰਿਤਪਾਲ ਸਿੰਘ ਦੀ ਵੀਡੀਓ ਕਾਨਫਰੰਸਿੰਗ ਦੇ ਜਰੀਏ ਅੰਮ੍ਰਿਤਸਰ ਅਦਾਲਤ 'ਚ ਪੇਸ਼ੀ ਹੋਈ।ਅੰਮ੍ਰਿਤਸਰ ਅਦਾਲਤ ਦੇ ਵੱਲੋਂ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਵਿਰੁੱਧ ਫਰਵਰੀ 2023 ਵਿੱਚ ਅਜਨਾਲਾ ਪੁਲਿਸ ਥਾਣੇ 'ਤੇ ਹੋਏ ਹਮਲੇ ਦੇ ਸਬੰਧ ਵਿੱਚ ਦੋਸ਼ ਚਾਰਜ ਤੈਅ ਕੀਤੇ ਹਨ। ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਪਰਿੰਦਰ ਸਿੰਘ ਦੀ ਅਦਾਲਤ ਨੇ ਆਮਰਜ਼ ਐਕਟ ਅਤੇ ਸਬੂਤ ਨਸ਼ਟ ਕਰਨ ਦੀਆਂ ਧਾਰਾਵਾਂ ਹਟਾ ਦਿੱਤੀਆਂ ਹਨ ਕਿਉਂਕਿ ਬਚਾਅ ਪੱਖ ਦੇ ਵਕੀਲ ਰੀਤੂ ਰਾਏ ਸੰਧੂ ਨੇ ਦਲੀਲ ਦਿੱਤੀ ਸੀ ਕਿ ਮੁਲਜ਼ਮ ਕੋਲੋਂ ਕੋਈ ਹਥਿਆਰ ਬਰਾਮਦ ਨਹੀਂ ਹੋਇਆ ਸੀ। ਮਿਲੀ ਜਾਣਕਾਰੀ ਮੁਤਾਬਿਕ ਅਦਾਲਤ ਨੇ ਅੰਮ੍ਰਿਤਪਾਲ ਸਿੰਘ ਖਿਲਾਫ ਕਈ ਗੰਭੀਰ ਧਾਰਾਵਾਂ ਤਹਿਤ ਦੋਸ਼ ਤੈਅ ਕੀਤੇ ਹਨ ਜਿਨਾਂ ਵਿੱਚ ਕਤਲ ਦੀ ਕੋਸ਼ਿਸ਼ ਗੰਭੀਰ ਸੱਟਾ ਪਹੁੰਚਾਣਾ ਸਰਕਾਰੀ ਕਰਮਚਾਰੀ ਨੂੰ ਡਿਊਟੀ ਕਰਨ ਤੋਂ ਰੋਕਣਾ ਅਪਰਾਧਿਕ ਸਾਜਿਸ਼ ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾਣਾ ਅਤੇ ਗੈਰ ਕਾਨੂੰਨੀ ਭੀੜ ਦੀ ਅਗਵਾਈ ਕਰਦੇ ਹੋਏ ਜਾਨੋ ਮਾਰਨ ਦੀਆਂ ਧਮਕੀਆਂ ਦੇਣਾ ਸ਼ਾਮਿਲ ਹੈ।



## ਚੰਡੀਗੜ੍ਹ 'ਚ ਕਿਸਾਨਾਂ ਤੇ ਪੁਲਿਸ ਵਿਚਾਲੇ ਧੱਕਾ-ਮੁੱਕੀ

# ਪੁਲਿਸ ਨੇ ਕੀਤਾ ਲਾਠੀਚਾਰਜ, ਹੰਝੂ ਗੈਸ ਦੇ ਛੱਡੇ ਗੋਲੇ



**ਚੰਡੀਗੜ੍ਹ, 15 ਮਈ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਸਰਕਾਰ ਵੱਲੋਂ ਪੰਜਾਬ ਨਾਲ ਕੀਤੀਆਂ ਜਾ ਰਹੀਆਂ ਵਧੀਕੀਆਂ ਦੇ ਵਿਰੋਧ ਵਿਚ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਚੰਡੀਗੜ੍ਹ ਪ੍ਰਸ਼ਾਸਕ ਤੇ ਪੰਜਾਬ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਅਤੇ ਰੋਸ ਪ੍ਰਗਟਾਉਣ ਲਈ ਚੰਡੀਗੜ੍ਹ ਵੱਲ ਕੂਚ ਕੀਤਾ ਗਿਆ ਹੈ, ਪਰ ਪੁਲਿਸ ਵੱਲੋਂ ਚੰਡੀਗੜ੍ਹ ਸਰਹੱਦ 'ਤੇ ਕਿਸਾਨਾਂ ਨੂੰ ਰੋਕ ਲਿਆ ਹੈ। ਪੰਜਾਬ ਬਿਜ਼ਨਸ ਗਾਈਡ ਸੰਯੁਕਤ ਕਿਸਾਨ ਮੋਰਚਾ ਨਾਲ ਜੁੜੀਆਂ 32 ਕਿਸਾਨ ਜਥੇਬੰਦੀਆਂ ਦੇ ਕਿਸਾਨਾਂ ਵੱਲੋਂ ਅੰਬ ਸਾਹਿਬ ਗੁਰਦੁਆਰੇ ਦੇ ਬਾਹਰ ਇਕੱਠੇ ਹੋਏ ਹਨ ਅਤੇ ਕਰਜ਼ੇ ਸੀਮਾ ਵਧਾਉਣ ਅਤੇ ਐਮਐਸਪੀ ਸਮੇਤ ਵੱਖ-ਵੱਖ ਮੰਗਾਂ ਲਈ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਪੁਲਿਸ ਵੱਲੋਂ ਕਿਸਾਨਾਂ ਨੂੰ ਚੰਡੀਗੜ੍ਹ 'ਚ ਵੜਨ ਤੋਂ ਰੋਕਣ ਲਈ ਲਾਠੀਚਾਰਜ ਵੀ ਕੀਤਾ ਗਿਆ ਅਤੇ ਅੱਥਰੂ ਗੈਸ ਦੇ ਗੋਲੇ ਵੀ ਦਾਗੇ ਗਏ। ਪੁਲਿਸ ਨੇ ਕਿਸਾਨਾਂ 'ਤੇ ਨਾਲ ਹੀ ਪਾਣੀ ਦੀਆਂ ਬੁਛਾੜਾਂ ਵੀ ਜੰਮ ਕੇ ਮਾਰੀਆਂ। ਇਸ ਦੌਰਾਨ ਪੁਲਿਸ ਤੇ ਕਿਸਾਨਾਂ ਵਿਚਾਲੇ ਧੱਕਾ-ਮੁੱਕੀ ਦੌਰਾਨ ਕਈ ਕਿਸਾਨਾਂ ਦੀਆਂ ਪੱਗਾਂ ਵੀ ਲੱਥ ਗਈਆਂ ਤੇ ਕੁੱਝ ਪੁਲਿਸ ਮੁਲਾਜ਼ਮਾਂ ਦੇ ਵੀ ਸੱਟਾਂ ਵੱਜੀਆਂ। ਚੰਡੀਗੜ੍ਹ ਪੁਲਿਸ ਨੇ ਪੰਜਾਬ ਨਾਲ ਲੱਗਦੀਆਂ ਸਾਰੀਆਂ ਸਰਹੱਦਾਂ ਨੂੰ ਬੈਰੀਕੇਡ ਅਤੇ ਸੀਲ ਕਰ ਦਿੱਤਾ ਹੈ। ਕਿਸੇ ਵੀ ਪ੍ਰਦਰਸ਼ਨਕਾਰੀਆਂ ਨੂੰ ਚੰਡੀਗੜ੍ਹ ਵਿੱਚ ਦਾਖਲ ਹੋਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ ਹੈ। ਚੰਡੀਗੜ੍ਹ ਪੁਲਿਸ ਦਾ ਕਹਿਣਾ ਹੈ ਕਿ ਉਹ ਸਥਿਤੀ ਦੇ ਮੱਦੇਨਜ਼ਰ ਨੇੜਿਓਂ ਨਿਗਰਾਨੀ ਰੱਖ ਰਹੇ ਹਨ। ਐਸਐਸਪੀ ਸਮੇਤ ਸੀਨੀਅਰ ਅਧਿਕਾਰੀ ਮੌਕੇ 'ਤੇ ਸਥਿਤੀ ਦੀ ਨਿਗਰਾਨੀ ਕਰ ਰਹੇ ਹਨ।


## 70 ਫੁੱਟ ਡੂੰਘੇ ਬੋਰਵੈਲ 'ਚ ਡਿੱਗਿਆ 4 ਸਾਲਾ ਮਾਸੂਮ, ਗੁਰਕਰਨ ਸਿੰਘ ਨੂੰ ਬਾਹਰ ਕੱਢਣ ਲਈ ਰੈਸਕਿਊ ਅਪ੍ਰੇਸ਼ਨ ਜਾਰੀ

**ਹੁਸ਼ਿਆਰਪੁਰ, 15 ਮਈ (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਤੋਂ ਇੱਕ ਚਿੰਤਿਤ ਕਰ ਦੇਣ ਵਾਲੀ ਖ਼ਬਰ ਸਾਹਮਣੇ ਆਈ ਹੈ।ਜ਼ਿਲ੍ਹੇ ਦੇ ਹਰਿਆਣਾ ਥਾਣੇ ਦੇ ਅਧੀਨ ਪੈਂਦੇ ਪਿੰਡ ਚੱਕ ਸਮਾਣਾ ਵਿੱਚ ਇੱਕ 4 ਸਾਲਾ ਬੱਚਾ 70 ਫੁੱਟ ਡੂੰਘੇ ਬੋਰਵੈਲ 'ਚ ਡਿੱਗ ਆ ਹੈ। ਘਟਨਾ ਨਾਲ ਪਰਿਵਾਰ ਤੇ ਪਿੰਡ ਵਾਸੀਆਂ 'ਚ ਹੜਕੰਪ ਮੱਚ ਗਿਆ ਹੈ। ਪਰਿਵਾਰ ਦਾ ਰੋ ਰੋ ਕੇ ਬੁਰਾ ਹਾਲ ਹੈ। ਦੱਸਿਆ ਜਾ ਰਿਹਾ ਹੈ ਕਿ ਬੱਚਾ ਪਿੰਡ ਚੱਕ ਸਮਾਣਾ 'ਚ ਆਪਣੇ ਘਰ ਨੇੜੇ ਖੇਡ ਰਿਹਾ ਸੀ, ਜਦੋਂ ਉਹ ਅਚਾਨਕ ਖੁੱਲ੍ਹੇ ਬੋਰਵੈਲ ਵਿੱਚ ਜਾ ਡਿੱਗਿਆ। ਬੱਚੇ ਗੁਰਕਰਨ ਸਿੰਘ (4) ਪੁੱਤਰ ਰਵਿੰਦਰ ਸਿੰਘ ਦੇ ਬੋਰਵੈਲ 'ਚ ਡਿੱਗਣ ਬਾਰੇ ਜਿਵੇਂ ਹੀ ਪਤਾ ਲੱਗਿਆ ਤਾਂ ਮਾਪਿਆਂ ਤੇ ਪਿੰਡ ਵਾਸੀਆਂ 'ਚ ਹੜਕੰਪ ਮੱਚ ਗਿਆ ਅਤੇ ਉਨ੍ਹਾਂ ਨੇ ਤੁਰੰਤ ਪੁਲਿਸ ਪ੍ਰਸ਼ਾਸਨ ਨੂੰ ਸੂਚਿਤ ਕੀਤਾ। ਸੂਚਨਾ ਮਿਲਣ ਡਿਪਟੀ ਕਮਿਸਨਰ ਦੀ ਅਗਵਾਈ ਹੇਠ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੀਆਂ ਟੀਮਾਂ ਨੇ ਪਹੁੰਚ ਕੇ ਬਚਾਅ ਕਾਰਜ ਅਰੰਭ ਦਿੱਤੇ ਹਨ। ਬੱਚੇ ਨੂੰ ਬੋਰਵੈਲ ਵਿੱਚ ਕੱਢਣ ਲਈ ਅਧਿਕਾਰੀਆਂ ਵੱਲੋਂ ਲਗਾਤਾਰ ਰੈਸਕਿਊ ਅਪ੍ਰੇਸ਼ਨ ਚਲਾਇਆ ਜਾ ਰਿਹਾ ਹੈ।



## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਰੱਖੜਾ ਨੂੰ ਪਾਰਟੀ 'ਚੋਂ ਕੱਢਿਆ

**ਚੰਡੀਗੜ੍ਹ, 15 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੇ ਵੱਡਾ ਫੈਸਲਾ ਲੈਂਦੇ ਹੋਏ ਸੁਰਜੀਤ ਸਿੰਘ ਰੱਖੜਾ ਨੂੰ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਸਸਪੈਂਡ ਕਰ ਦਿੱਤਾ ਹੈ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਮਤਾ ਪਾਸ ਕਰਦਿਆਂ ਇਹ ਫ਼ੈਸਲਾ ਲਿਆ ਹੈ। ਜਲੰਧਰ-ਫਗਵਾੜਾ ਹਾਈਵੇਅ 'ਤੇ ਇਕ ਨਿੱਜੀ ਹੋਟਲ ਵਿਚ ਪਾਰਟੀ ਵਲੋਂ ਇਕ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਸਮੁੱਚੀ ਲੀਡਰਸ਼ਿਪ ਸ਼ਾਮਲ ਹੋਈ। ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਰੱਖੜਾ ਪਾਰਟੀ ਨਾਲ ਰਹਿ ਕੇ ਪਾਰਟੀ ਨੂੰ ਕਮਜ਼ੋਰ ਕਰ ਰਹੇ ਸਨ, ਇਸੇ ਕਾਰਨ ਉਨ੍ਹਾਂ ਨੂੰ ਸਸਪੈਂਡ ਕੀਤਾ ਗਿਆ ਹੈ।



ਦੂਜਾ ਪਾਸੇ ਬੇਅਦਬੀ ਕਾਨੂੰਨ ਬਾਰੇ ਸਾਬਕਾ ਜਥੇਦਾਰ ਨੇ ਕਿਹਾ ਕਿ ਜੇਕਰ ਸਰਕਾਰ ਨੇ ਕਾਨੂੰਨ ਲਾਗੂ ਕਰਨ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਨੂੰ ਪ੍ਰਸਤਾਵ ਭੇਜਿਆ ਅਤੇ ਉਸ ਤੋਂ ਬਾਅਦ ਉਹ ਵਿਰੋਧ ਕਰ ਰਹੇ ਹਨ ਤਾਂ ਇਹ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਲੈ ਕੇ ਦੋਵਾਂ ਧਿਰਾਂ ਵਿਚ ਕੋਈ ਟਕਰਾਅ ਨਹੀਂ ਹੋਣਾ ਚਾਹੀਦਾ। ਬੇਅਦਬੀ ਕਾਨੂੰਨ ਦੇ ਮਾਮਲੇ ਵਿਚ, ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਗੂਆਂ ਸਮੇਤ ਕਾਨੂੰਨੀ ਮਾਹਿਰਾਂ ਨੂੰ ਹੱਲ ਲੱਭਣ ਲਈ ਸ਼ਾਮਲ ਹੋਣਾ ਚਾਹੀਦਾ ਹੈ। ਅਜਿਹਾ ਕੋਈ ਹੱਲ ਨਹੀਂ ਹੈ ਜੋ ਲੱਭਿਆ ਨਾ ਜਾ ਸਕੇ। 2027 ਦੀਆਂ ਪੰਜਾਬ ਚੋਣਾਂ ਬਾਰੇ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਹ ਖੁਲਾਸਾ ਹੋਇਆ ਹੈ ਕਿ ਪੱਛਮੀ ਬੰਗਾਲ ਵਿਚ ਬਹੁਤ ਸਾਰੀਆਂ ਜਾਇਜ਼ ਵੋਟਾਂ ਰੱਦ ਕਰ ਦਿੱਤੀਆਂ ਗਈਆਂ ਸਨ। ਜੇਕਰ ਇਹ ਸੱਚ ਹੈ ਤਾਂ ਸਾਨੂੰ ਚੌਕਸ ਰਹਿਣ ਦੀ ਲੋੜ ਹੈ। ਗੈਰ-ਕਾਨੂੰਨੀ ਵੋਟਾਂ ਰੱਦ ਕਰਨਾ ਠੀਕ ਹੈ, ਪਰ ਜਾਇਜ਼ ਵੋਟਾਂ ਰੱਦ ਕਰਨਾ ਗਲਤ ਹੈ।

ਬੇਅਦਬੀ ਕਾਨੂੰਨ ਬਾਰੇ ਸਾਬਕਾ ਜਥੇਦਾਰ ਨੇ ਕਿਹਾ ਕਿ ਜੇਕਰ ਸਰਕਾਰ ਨੇ ਕਾਨੂੰਨ ਲਾਗੂ ਕਰਨ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਨੂੰ ਪ੍ਰਸਤਾਵ ਭੇਜਿਆ ਸੀ ਅਤੇ ਉਸ ਤੋਂ ਬਾਅਦ ਉਹ ਵਿਰੋਧ ਕਰ ਰਹੇ ਹਨ ਤਾਂ ਇਹ ਨਿੰਦਣਯੋਗ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਸਰਕਾਰ ਅਤੇ ਜਥੇਦਾਰਾਂ ਨੂੰ ਇਕੱਠੇ ਬੈਠ ਕੇ ਮਸਲੇ ਦਾ ਹੱਲ ਕੱਢਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਲੈ ਕੇ ਦੋਵਾਂ ਧਿਰਾਂ ਵਿਚ ਕੋਈ ਟਕਰਾਅ ਨਹੀਂ ਹੋਣਾ ਚਾਹੀਦਾ।

ਬੇਅਦਬੀ ਕਾਨੂੰਨ ਦੇ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਗੂਆਂ ਸਮੇਤ ਕਾਨੂੰਨੀ ਮਾਹਿਰਾਂ ਨੂੰ ਹੱਲ ਲੱਭਣ ਲਈ ਸ਼ਾਮਲ ਹੋਣਾ ਚਾਹੀਦਾ ਹੈ। ਅਜਿਹਾ ਕੋਈ ਹੱਲ ਨਹੀਂ ਹੈ ,ਜੋ ਲੱਭਿਆ ਨਾ ਜਾ ਸਕੇ। ਸਾਬਕਾ ਜਥੇਦਾਰ ਨੇ ਰਾਜਨੀਤਿਕ ਪਾਰਟੀਆਂ ਵਲੋਂ ਸਿਆਸਤਦਾਨਾਂ ਨੂੰ ਆਪਣੀ ਪਾਰਟੀ ਵਿਚ ਸ਼ਾਮਲ ਹੋਣ ਲਈ ਮਜ਼ਬੂਰ ਕਰਨ ਦੀਆਂ ਕੋਸ਼ਿਸ਼ਾਂ ਦੀ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਇਹ ਭਾਰਤੀ ਰਾਜਨੀਤੀ ਲਈ ਖ਼ਤਰਨਾਕ ਹੈ।

## ਲੁਧਿਆਣਾ 'ਚ ਵੱਡੇ ਸਾਈਬਰ ਧੋਖਾਧੜੀ ਨੈਟਵਰਕ ਦਾ ਪਰਦਾਫਾਸ਼, 132 ਠੱਗ ਗ੍ਰਿਫ਼ਤਾਰ

**ਲੁਧਿਆਣਾ, 15 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਨੂੰ ਸਾਈਬਰ ਧੋਖਾਧੜੀ ਖਿਲਾਫ਼ ਵੱਡੀ ਸਫਲਤਾ ਹੱਥ ਲੱਗੀ ਹੈ। ਲੁਧਿਆਣਾ 'ਚ ਪੁਲਿਸ ਨੇ ਸਾਈਬਰ ਠੱਗੀ ਦਾ ਪਰਦਾਫਾਸ਼ ਕਰਦੇ ਹੋਏ 132 ਮੁਲਜ਼ਮਾਂ ਨੂੰ ਕੀਤਾ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ ਕੋਲੋਂ ਇੱਕ ਕਰੋੜ 7 ਲੱਖ ਰੁਪਏ, 98 ਲੈਪਟਾਪ, 239 ਮੋਬਾਈਲ, 19 ਵਾਹਨ ਅਤੇ 300 ਤੋਂ ਵਧੇਰੇ ਬੈਂਕ ਖਾਤੇ ਕੀਤੇ ਬਰਾਮਦ ਕੀਤੇ ਹਨ। ਪੁਲਿਸ ਨੇ ਇਨ੍ਹਾਂ ਸਾਰੇ ਖਾਤਿਆਂ ਨੂੰ ਸੀਜ਼ ਕਰ ਦਿੱਤਾ ਹੈ।ਲੁਧਿਆਣਾ ਪੁਲਿਸ ਕਮਿਸ਼ਨਰ ਨੇ ਪ੍ਰੈਸ ਕਾਨਫਰੰਸ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁਲਜ਼ਮ, ਐਪ ਦਾ ਇਸਤੇਮਾਲ ਕਰਕੇ ਧੋਖਾਧੜੀ ਨੂੰ ਅੰਜਾਮ ਦਿੰਦੇ ਸਨ। ਗਿਰੋਹ ਦੇ ਮੈਂਬਰ ਵਿਦੇਸ਼ੀ ਨਾਗਰਿਕਾਂ ਨੂੰ ਨਿਸ਼ਾਨਾ ਬਣਾਉਂਦੇ ਸਨ। ਪੁਲਿਸ ਨੂੰ ਇਸ ਕਾਲ ਸੈਂਟਰ ਬਾਰੇ ਸੂਹ ਮਿਲੀ ਸੀ, ਜਿਸ ਕਾਰਨ ਛਾਪਾ ਮਾਰਿਆ ਗਿਆ ਅਤੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਮਾਸਟਰਮਾਈਂਡ ਦਿੱਲੀ ਅਤੇ ਗੁਜਰਾਤ ਦੇ ਰਹਿਣ ਵਾਲੇ ਹਨ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਮੁਲਜ਼ਮਾਂ ਨੇ ਬਹੁ-ਰਾਸ਼ਟਰੀ ਕੰਪਨੀਆਂ ਲਈ ਤਕਨੀਕੀ ਸੇਵਾ ਪ੍ਰਦਾਤਾ ਵਜੋਂ ਆਪਣੇ ਆਪ ਨੂੰ ਪੇਸ਼ ਕੀਤਾ। ਉਨ੍ਹਾਂ ਨੇ ਵਿਦੇਸ਼ੀਆਂ ਨਾਲ ਧੋਖਾਧੜੀ ਕੀਤੀ। ਪੁਲਿਸ ਨੇ ਘੁਟਾਲਿਆਂ ਵਿੱਚ ਵਰਤੇ ਗਏ ਸਾਰੇ ਮੋਬਾਈਲ ਫੋਨ ਜ਼ਬਤ ਕਰ ਲਏ ਹਨ। ਗ੍ਰਿਫ਼ਤਾਰ ਕੀਤੇ ਗਏ ਗਿਰੋਹ ਦੇ ਮੈਂਬਰ ਦੇਸ਼ ਭਰ ਦੇ ਵੱਖ-ਵੱਖ ਰਾਜਾਂ ਤੋਂ ਹਨ। ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਿਸ ਟੀਮ ਨੇ 132 ਮੁਲਜ਼ਮਾਂ ਵਿਰੁੱਧ ਐਫਆਈਆਰ ਨੰਬਰ 37 ਮਿਤੀ 13 ਮਈ, 2026 ਨੂੰ ਪੁਲਿਸ ਸਟੇਸ਼ਨ ਸਾਈਬਰ ਕ੍ਰਾਈਮ ਵਿਖੇ ਬੀਐਨਐਸ ਦੀ ਧਾਰਾ 318(4), 319(2), 336(3), 61(2) ਅਤੇ ਆਈਟੀ ਐਕਟ ਦੀ ਧਾਰਾ 66-ਸੀ, 66-ਡੀ, 75 ਤਹਿਤ ਮਾਮਲਾ ਦਰਜ ਕੀਤਾ ਹੈ। ਸੀਪੀ ਸ਼ਰਮਾ ਦੇ ਅਨੁਸਾਰ, ਜਾਂਚ ਵਿੱਚ ਇਹ ਸਾਹਮਣੇ ਆਇਆ ਕਿ ਮੁਲਜ਼ਮ ਮਾਈਕ੍ਰੋਸਾਫਟ ਦੇ ਨਾਮ 'ਤੇ ਵਿਦੇਸ਼ੀ ਨਾਗਰਿਕਾਂ ਦੇ ਕੰਪਿਊਟਰ ਸਕ੍ਰੀਨਾਂ 'ਤੇ ਜਾਅਲੀ ਵਾਇਰਸ ਅਤੇ ਸੁਰੱਖਿਆ ਅਲਰਟ ਭੇਜਦੇ ਸਨ। ਸਕ੍ਰੀਨ 'ਤੇ ਇੱਕ ਜਾਅਲੀ ਗਾਹਕ ਦੇਖਭਾਲ ਨੰਬਰ ਵੀ ਦਿਖਾਇਆ ਗਿਆ ਸੀ। ਜਿਵੇਂ ਹੀ ਪੀੜਤ ਉਸ ਨੰਬਰ 'ਤੇ ਕਾਲ ਕਰਦਾ ਸੀ, ਕਾਲ ਸਿੱਧੇ ਐਕਸ-ਲਾਈਟ ਸਾਫਟਵੇਅਰ ਰਾਹੀਂ ਧੋਖਾਧੜੀ ਕਰਨ ਵਾਲਿਆਂ ਨੂੰ ਭੇਜ ਦਿੱਤੀ ਜਾਂਦੀ ਸੀ। ਫਿਰ ਮੁਲਜ਼ਮ, ਤਕਨੀਕੀ ਸਹਾਇਤਾ ਕਰਮਚਾਰੀਆਂ ਵਜੋਂ ਪੇਸ਼ ਹੋ ਕੇ, ਪੀੜਤ ਨੂੰ ਅਲਟਰਾਵਿਊਅਰ ਵਰਗੇ ਰਿਮੋਟ ਐਕਸੈਸ ਸਾਫਟਵੇਅਰ ਡਾਊਨਲੋਡ ਕਰਨ ਲਈ ਧੋਖਾ ਦਿੰਦੇ ਸਨ। ਇਸ ਰਾਹੀਂ, ਉਹ ਪੀੜਤ ਦੇ ਕੰਪਿਊਟਰ ਤੱਕ ਪੂਰੀ ਪਹੁੰਚ ਪ੍ਰਾਪਤ ਕਰਦੇ ਸਨ। ਬਾਅਦ ਵਿੱਚ, ਉਹ ਜਾਅਲੀ ਸਕੈਨ ਅਤੇ ਜਾਅਲੀ ਪੌਪ-ਅੱਪ ਦਿਖਾਉਂਦੇ ਸਨ, ਉਨ੍ਹਾਂ ਨੂੰ ਬੈਂਕ ਖਾਤਾ ਹੈਕਿੰਗ, ਈਮੇਲ ਹੈਕਿੰਗ, ਜਾਂ ਬਾਲ ਪੋਰਨੋਗ੍ਰਾਫੀ ਵਰਗੇ ਝੂਠੇ ਦੋਸ਼ਾਂ ਨਾਲ ਡਰਾਉਂਦੇ ਸਨ।ਮੁਲਜ਼ਮ ਨਕਦੀ ਲੈ ਕੇ ਜਾਣ, ਐਮਾਜ਼ਾਨ ਅਤੇ ਐਪਲ ਗਿਫਟ ਕਾਰਡਾਂ ਦੀ ਖਰੀਦ, ਜਾਅਲੀ ਵਿਦੇਸ਼ੀ ਖਾਤਿਆਂ ਵਿੱਚ ਵਾਇਰ ਟ੍ਰਾਂਸਫਰ, ਹਵਾਲਾ ਲੈਣ-ਦੇਣ ਅਤੇ ਕ੍ਰਿਪਟੋ ਲੈਣ-ਦੇਣ ਰਾਹੀਂ ਭਾਰਤ ਤੱਕ ਪਹੁੰਚ ਕਰਦੇ ਸਨ। ਪੁਲਿਸ ਜਾਂਚ ਤੋਂ ਪਤਾ ਲੱਗਾ ਹੈ ਕਿ ਧੋਖਾਧੜੀ ਵਾਲੇ ਫੰਡ, ਹਵਾਲਾ ਨੈੱਟਵਰਕ, ਕ੍ਰਿਪਟੋਕਰੰਸੀ ਅਤੇ ਹੋਰ ਗੈਰ-ਕਾਨੂੰਨੀ ਚੈਨਲਾਂ ਰਾਹੀਂ ਭਾਰਤ ਲਿਆਂਦੇ ਗਏ ਸਨ। ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਹਰੇਕ ਆਪਰੇਟਰ ਰੋਜ਼ਾਨਾ ਔਸਤਨ 8 ਤੋਂ 10 ਕਾਲਾਂ ਕਰਦਾ ਸੀ। ਕਰਮਚਾਰੀਆਂ ਨੂੰ ਉਤਸ਼ਾਹਤ ਰਾਸ਼ੀ ਨਾਲ ਇੱਕ ਨਿਸ਼ਚਿਤ ਤਨਖਾਹ ਦਿੱਤੀ ਜਾਂਦੀ ਸੀ।



## ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 17 ਮਈ ਨੂੰ ਪੰਥਕ ਜਥੇਬੰਦੀਆਂ, ਗ੍ਰੰਥੀ ਸਿੰਘਾਂ ਅਤੇ ਪ੍ਰਬੰਧਕ ਕਮੇਟੀਆਂ ਦੀ ਵਿਸ਼ੇਸ਼ ਇਕੱਤਰਤਾ

**ਤਲਵੰਡੀ ਸਾਬੋ, 15 ਮਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਤੇ ਖ਼ਾਲਸਾ ਪੰਥ ਦੀਆਂ ਭਾਵਨਾਵਾਂ ਦੇ ਮੱਦੇਨਜ਼ਰ, ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ, ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਵੱਲੋਂ ਪੰਜਾਬ ਸਰਕਾਰ ਦੁਆਰਾ ਪਾਸ ਕੀਤੇ ਗਏ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' 'ਤੇ ਵਿਚਾਰ-ਵਟਾਂਦਰਾ ਕਰਨ ਲਈ 17 ਮਈ ਨੂੰ ਤਖ਼ਤ ਸਾਹਿਬ ਵਿਖੇ ਇੱਕ ਅਹਿਮ ਇਕੱਤਰਤਾ ਸੱਦੀ ਗਈ ਹੈ। ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਨੇ ਅੱਜ ਜਾਰੀ ਬਿਆਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਾਂ ਦੇ ਅੰਦਰੂਨੀ ਧਾਰਮਿਕ ਮਾਮਲਿਆਂ ਵਿੱਚ ਕੀਤਾ ਗਿਆ ਦਖਲ ਕਦਾਚਿਤ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਭਰੋਸੇ ਵਿੱਚ ਲਏ ਬਿਨਾਂ ਜੋ ਕਾਨੂੰਨ ਪਾਸ ਕੀਤਾ ਹੈ, ਉਹ ਸਿੱਖ ਸੰਸਥਾਵਾਂ ਅਤੇ ਗੁਰਦੁਆਰਾ ਪ੍ਰਬੰਧਕਾਂ ਉੱਤੇ ਬੇਲੋੜੀ ਜ਼ਿੰਮੇਵਾਰੀ ਥੋਪਣ ਅਤੇ ਸਿੱਖੀ ਪ੍ਰਚਾਰ ਦੇ ਰਾਹ ਵਿੱਚ ਰੁਕਾਵਟਾਂ ਪੈਦਾ ਕਰਨ ਦੀ ਸਾਜ਼ਿਸ਼ ਜਾਪਦਾ ਹੈ। ਇਸ ਮੌਕੇ ਸਿੰਘ ਸਾਹਿਬ ਜੀ ਨੇ ਕਿਹਾ ਕਿ ਇਸ ਇਕੱਤਰਤਾ 'ਚ ਜਿੱਥੇ ਪੰਥਕ ਸਖਸ਼ੀਅਤਾਂ ਪਹੁੰਚ ਰਹੀਆਂ ਹਨ ਉੱਥੇ ਹੀ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ਵਿਵਾਦਤ ਐਕਟ ਦੀਆਂ ਮਦਾਂ 'ਤੇ ਕਾਨੂੰਨੀ ਮਾਹਰਾਂ ਅਤੇ ਵਿਦਵਾਨਾਂ ਦੀ ਰਾਏ ਲਈ ਜਾਵੇਗੀ। ਜਿਨ੍ਹਾਂ ਵੱਲੋਂ ਮਦ ਦਰ ਮਦ ਇਸ ਕਨੂੰਨੁ ਦੀਆਂ ਖਾਮੀਆਂ ਨੂੰ ਸੰਗਤ ਸਾਹਮਣੇ ਰੱਖਿਆ ਜਾਵੇਗਾ। ਸਿੰਘ ਸਾਹਿਬ ਜੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਯਾਦਾ ਅਤੇ ਸਤਿਕਾਰ ਦਾ ਮਾਮਲਾ ਪੰਥ ਦਾ ਅੰਦਰੂਨੀ ਮਾਮਲਾ ਹੈ। ਸਰਕਾਰ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਕਾਨੂੰਨ ਬਣਾਏ, ਪਰ ਗੁਰੂ ਸਾਹਿਬ ਦੇ ਸਰੂਪਾਂ ਦੀ ਸੇਵਾ-ਸੰਭਾਲ ਅਤੇ ਪ੍ਰਚਾਰ ਵਿੱਚ ਸਰਕਾਰੀ ਦਖਲਅੰਦਾਜ਼ੀ ਪ੍ਰਵਾਨ ਨਹੀਂ ਕੀਤੀ ਜਾ ਸਕਦੀ। ਸਿੰਘ ਸਾਹਿਬ ਜੀ ਨੇ ਮਾਲਵਾ ਖੇਤਰ ਦੇ ਸਮੂਹ ਗ੍ਰੰਥੀ ਸਿੰਘਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦਿਆਂ ਅਤੇ ਪੰਥਕ ਦਰਦੀਆਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਣ ਲਈ ਸੱਦਾ ਦਿੱਤਾ। ਉਨ੍ਹਾਂ ਦੱਸਿਆ ਕਿ ਇਸ ਅਹਿਮ ਮੌਕੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸ.ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਸਿੰਘ ਸਾਹਿਬ ਨੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਧਾਰਮਿਕ ਜਥੇਬੰਦੀਆਂ ਨੂੰ ਅਪੀਲ ਕੀਤੀ ਹੈ ਕਿ ਉਹ 17 ਮਈ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਮੇਂ ਸਿਰ ਪਹੁੰਚ ਕੇ ਪੰਥਕ ਏਕਤਾ ਦਾ ਸਬੂਤ ਦੇਣ ਤਾਂ ਜੋ ਸਰਕਾਰ ਦੀਆਂ ਪੰਥ ਵਿਰੋਧੀ ਨੀਤੀਆਂ ਦਾ ਪੁਰਜ਼ੋਰ ਵਿਰੋਧ ਕੀਤਾ ਜਾ ਸਕੇ।






ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪੰਥ ਕੀ ਜੀਤ ਸ਼ਬਦ ਸੱਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੌ ਜਾਂ ਅਗਲੌ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ
ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ



☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।




ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com


Call+393475711755 / 3208124778


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼ਹੀਦੀ ਸਮਾਗਮ 17 ਮਈ ਨੂੰ



ਕੌਮੀ ਘਰ ਖਾਲਿਸਤਾਨ ਦੀ ਭਾਰਤੀ ਨਿਜ਼ਾਮ ਵਿਰੁੱਧ ਚੱਲ ਰਹੀ ਜੰਗ ਦੇ ਤਹਿਤ ਸ਼ਹਾਦਤ ਦੇਣ ਵਾਲੇ ਯੋਧੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਜੂਪਾ ਪੰਜਵੜ ਦੀ ਸ਼ਹਾਦਤ ਨੂੰ ਅਸੀਂ ਸਮੁੱਚੇ ਖਾਲਸਾ ਪੰਥ ਕੋਟਾਨ ਕੋਟ ਨਮਨ ਕਰਦੇ ਹਾਂ।



## ਸਿੱਖ ਕੌਮ ਦੀ ਆਜ਼ਾਦੀ ਦੀ ਜੰਗ ਦੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਪੰਜਵੜ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ

## 17 ਮਈ 2026
## (ਦਿਨ ਐਤਵਾਰ)

ਗੁਰਦਵਾਰਾ ਦੁੱਖ ਭੰਜਨ ਸਾਹਿਬ (ਪਿੰਡ ਕੱਲਰ ਭੈਣੀ )

-- ✶ ਮੁਖ ਪ੍ਰਬੰਧਕ ✶ --

ਬਾਬਾ ਨਛੱਤਰ ਸਿੰਘ ਕੱਲਰ ਭੈਣੀ
ਬਾਬਾ ਇੰਦਰ ਸਿੰਘ ਕਾਰ ਸੇਵਾ
ਬਾਬਾ ਬਖਸੀਸ ਸਿੰਘ ਨਿਜ਼ਾਮਨੀਵਾਲਾ
ਬਾਬਾ ਰਾਜਾ ਰਾਜ ਸਿੰਘ ਅਰਬਾ ਖਰਬਾਂ ਦਲ
ਭਾਈ ਰਿਸਬਦੀਪ ਸਿੰਘ ਹੇਰਾ




ਸ਼ਹੀਦ ਭਾਈ ਜਗਰੂਪ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

--✶ ਵੱਲੋਂ ✶--

# ਸਮੂਹ ਸਿੱਖ ਜਥੇਬੰਦੀਆਂ

# ਸ਼ਹੀਦੀ ਸਮਾਗਮ 17 ਮਈ ਨੂੰ



ਕੌਮੀ ਘਰ ਖਾਲਿਸਤਾਨ ਦੀ ਭਾਰਤੀ ਨਿਜ਼ਾਮ ਵਿਰੁੱਧ ਚੱਲ ਰਹੀ ਜੰਗ ਦੇ ਤਹਿਤ ਸ਼ਹਾਦਤ ਦੇਣ ਵਾਲੇ ਯੋਧੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਜੁਪਾ ਪੰਜਵੜ ਦੀ ਸ਼ਹਾਦਤ ਨੂੰ ਅਸੀਂ ਸਮੁੱਚੇ ਖਾਲਸਾ ਪੰਥ ਕੋਟਾਨ ਕੋਟ ਨਮਨ ਕਰਦੇ ਹਾਂ।




## ਸਿੱਖ ਕੌਮ ਦੀ ਆਜ਼ਾਦੀ ਦੀ ਜੰਗ ਦੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਪੰਜਵੜ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ

## 17 ਮਈ 2026 (ਦਿਨ ਐਤਵਾਰ)




ਗੁਰਦਵਾਰਾ ਦੁੱਖ ਭੰਜਨ ਸਾਹਿਬ (ਪਿੰਡ ਕੱਲਰ ਭੈਣੀ)



--✶ ਜਾਰੀ ਕਰਤਾ ✶--

## ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ

## ਮੁਖ ਸੇਵਾਦਾਰ ਜੱਥਾ ਠੀਕਰੀਵਾਲ

+13173657120

### ਖਾਲਸਾ ਕਾਲਜ ਮਹਿਤਾ ਬੀ.ਸੀ.ਏ,ਬੀ. ਕਾਮ ਅਤੇ ਬੀ.ਏ ਦੇ

# ਵਿਦਿਆਰਥੀਆਂ ਨੇ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਮਾਰੀਆਂ ਮੱਲਾਂ




**ਚੌਕ ਮਹਿਤਾ, 15 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਬੀ.ਸੀ.ਏ, ਅਤੇ ਬੀ.ਏ ਦੇ ਨਤੀਜੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਘੋਸ਼ਿਤ ਕੀਤੇ ਗਏ। ਜਿਸ ਵਿੱਚ ਵਿਦਿਆਰਥੀਆਂ ਦੀ ਮਿਹਨਤ ਸਦਕਾ ਨਤੀਜੇ ਸੌ ਫੀਸਦੀ ਰਹੇ। ਜਿਸ ਵਿੱਚ ਬੀ.ਸੀ.ਏ ਸਮੈਸਟਰ ਪੰਜਵਾਂ ਦੀ ਨਵਨੀਤ ਕੌਰ, ਚਾਂਦਨੀ ਅਤੇ ਜਸ਼ਨਪ੍ਰੀਤ ਕੌਰ,ਸ਼ਬਨਮਪ੍ਰੀਤ ਕੌਰ ,ਪਲਕਪ੍ਰੀਤ ਕੌਰ,ਕੋਮਲਪ੍ਰੀਤ ਕੌਰ ਨੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ।ਇਸੇ ਤਰ੍ਹਾਂ ਬੀ. ਏ ਸਮੈਸਟਰ ਪੰਜਵਾਂ ਦੇ ਰੋਬਨ ਸਿੰਘ ,ਗੁਰਨੀਤ ਕੌਰ,ਪਲਕਪ੍ਰੀਤ ਕੌਰ, ਬੀ.ਕਾਮ ਸਮੈਸਟਰ ਪੰਜਵਾਂ ਦੀ ਮਨਦੀਪ ਕੌਰ ਤੇ ਸੁਖਮਨਦੀਪ ਕੌਰ,ਹਰਪ੍ਰੀਤ ਕੌਰ ਤੇ ਕਿਰਨਵੀਰ ਕੌਰ,ਜਗਪ੍ਰੀਤ ਕੌਰ ਤੇ ਸੁਖਮਨਦੀਪ ਕੌਰ ਨੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ।ਇਹਨਾ ਪ੍ਰੀਖਿਆਵਾਂ ਵਿਚ ਕਾਲਜ ਦੇ ਸਾਰੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਸ਼ਲਾਘਾਯੋਗ ਰਿਹਾ।

ਇਸ ਮੌਕੇ ’ਤੇ ਕਾਲਜ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾਂ ਨੇ ਖੁਸ਼ੀ ਜ਼ਾਹਿਰ ਕਰਦਿਆ ਵਿਦਿਆਰਥੀਆਂ ਦੇ ਨਾਲ–ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਅਤੇ ਕਿਹਾ ਕਿ ਇਹ ਨਤੀਜੇ ਸਿਰਫ ਤੁਹਾਡੀ ਲਗਾਤਾਰ ਕੋਸ਼ਿਸ਼ ਨਹੀਂ ਸਗੋਂ ਤੁਹਾਡੇ ਭਵਿੱਖ ਦੀ ਮਜਬੂਤ ਨੀਂਹ ਵੀ ਹਨ। ਤੁਸੀ ਕਾਲਜ ਦਾ ਮਾਨ ਵਧਾਇਆ ਹੈ ਤੇ ਹੋਰ ਬੱਚਿਆਂ ਲਈ ਪ੍ਰੇਰਨਾ ਦਾ ਇੱਕ ਉਦਾਹਰਣ ਬਣੇ ਹੋ ।ਉਹਨਾਂ ਨੇ ਵਿਦਿਆਰਥੀਆਂ ਨੂੰ ਦਿਲ ਲਾ ਕੇ ਪੜ੍ਹਨ ਅਤੇ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ।ਉਪਰੰਤ ਓਲੰਪੀਅਨ ਮੈਡਲਿਸਟ ਜਰਮਨਜੀਤ ਸਿੰਘ ਬੱਲ ਨੇ ਵੀ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

ਇਸ ਸੁਭਾਗੇ ਮੌਕੇ ’ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੁਲਦੀਪ ਕੌਰ,ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ ,ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਨਵਨੀਤ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ ,ਸੁਪ੍ਰੀਤ ਕੌਰ, ਅਰਸ਼ਦੀਪ ਕੌਰ,ਬਲਜੀਤ ਕੌਰ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ।

### ਹਲਕਾ ਇੰਚਾਰਜ ਰੰਧਾਵਾ ਨੇ ਧੂਰੀ ਦੇ

# ਵੱਖ-ਵੱਖ ਵਾਰਡਾਂ ਤੋਂ ਉਮੀਦਵਾਰਾਂ ਦੇ ਕਾਗਜ਼ ਦਾਖਲ ਕਰਵਾਏ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਦੇ ਹੇਠ ਪੰਜਾਬ ਵਿੱਚ ਮਿਉਂਸਪਲ ਕਮੇਟੀ ਦੀਆਂ ਚੋਣਾਂ ਬੜੇ ਹੀ ਧੜੱਲੇ ਦੇ ਨਾਲ ਲੜੀਆਂ ਜਾ ਰਹੀਆਂ ਹਨ। ਇਸੇ ਹੀ ਤਹਿਤ ਧੂਰੀ ਵਿਧਾਨ ਸਭਾ ਹਲਕੇ ਤੋਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਵੱਲੋਂ ਮਿਊਸਪਲ ਕਮੇਟੀ ਦੇ ਉਮੀਦਵਾਰਾਂ ਨੂੰ ਨਾਲ ਲੈ ਕੇ ਅੱਜ ਮਾਰਕੀਟ ਕਮੇਟੀ ਵਿਖੇ ਕਾਗਜ ਦਾਖਲ ਕੀਤੇ ਗਏ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕਿਹਾ ਕਿ ਧੂਰੀ ਦੇ 21 ਵਾਰਡਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵੱਡੀ ਗਿਣਤੀ ਵਿੱਚ ਜਿੱਤ ਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਹੱਥ ਮਜਬੂਤ ਕਰਨਗੇ, ਉੱਥੇ ਹੀ 2027 ਦੇ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਨੀਹ ਪੱਥਰ ਰੱਖਣਗੇ। ਇਸ ਮੌਕੇ ਸ਼ਹਿਰੀ ਪ੍ਰਧਾਨ ਸੰਜੀਵ ਕੁਮਾਰ ਪਿੰਟਾ, ਚਰਨਜੀਤ ਕੌਰ ਪਤਨੀ ਫੌਜੀ ਰਾਮ ਸਿੰਘ ਵਾਰਡ ਨੰਬਰ 1, ਜਗਰੂਪ ਸਿੰਘ ਵਾਰਡ ਨੰਬਰ 20, ਜਸਨਦੀਪ ਸਿੰਘ ਬਿੱਟੂ ਵਾਰਡ ਨੰਬਰ 17, ਸੁਮੀਤਾ ਰਾਣੀ ਵਾਰਡ ਨੰਬਰ 13, ਗੁਰਪ੍ਰੀਤ ਕੌਰ ਵਾਰਡ ਨੰਬਰ 19, ਬਲਵਿੰਦਰ ਸਿੰਘ ਪੱਪੂ ਵਾਰਡ ਨੰਬਰ 12 , ਗੁਰਸੇਵਕ ਸਿੰਘ ਸੇਵਕ ਵਾਰਡ ਨੰਬਰ 4, ਜਸਦੀਪ ਕੌਰ ਵਾਰਡ ਨੰਬਰ 15 , ਸਰਬਨ ਸਿੰਘ ਮੱਲੂਮਾਜਰਾ, ਹਰਨੇਕ ਸਿੰਘ ਦੀਵਾਨਾ, ਸਰਬਜੀਤ ਸਿੰਘ ਕਾਤਰੋਂ ,ਅਵਤਾਰ ਸਿੰਘ ਕਾਂਝਲਾ ਹਾਜ਼ਰ ਸਨ।




**ਬਾਬਾ ਗੋਬਿੰਦ ਸਕੂਲ ਸਠਿਆਲਾ ਵਿਖੇ ਪ੍ਰਿੰ: ਸ਼ੁਭਨੀਤ ਕੌਰ ਬਾਰਵੀਂ ਜਮਾਤ ਬੋਰਡ ਦੇ ਆਰਟਸ ਗਰੁੱਪ ਦੇ ਨਤੀਜੇ ਵਿਚੋਂ ਵਿਦਿਆਰਥੀ ਖੁਸ਼ਦੀਪ ਕੌਰ ਨੇ 88 ਪ੍ਰਤੀਸ਼ਤ ਅੰਕ,ਹਰਪ੍ਰੀਤ ਸਿੰਘ ਨੇ 83.8 ਪ੍ਰਤੀਸ਼ਤ ਅੰਕ ਤੇ ਪ੍ਰਦੀਪ ਸਿੰਘ ਨੇ 83.4 ਪ੍ਰਤੀਸ਼ਤ ਅੰਕ ਪ੍ਰਾਪਤ ਕਰਨ ਤੇ ਸਨਮਾਨਿਤ ਕਰਨ ਸਮੇਂ ਨਾਲ ਸਟਾਫ ਮੈਂਬਰ ਬਲਜਿੰਦਰ ਕੋਰ, ਮੇਜਰ ਸਿੰਘ, ਕੋਮਲਪ੍ਰੀਤ ਕੌਰ, ਮੈਡਮ ਸਪਨਾ, ਪ੍ਰਭਜੋਤ ਸਿੰਘ ਤੇ ਨਾਲ ਮੈਡਮ ਹਰਜੀਤ ਕੌਰ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

# ਸਰਕਾਰੀ ਮਿਡਲ ਸਕੂਲ ਬੱਗਾ ’ਚ ਡਰਾਈ ਡੇ ਮਨਾਇਆ




**ਚੌਕ ਮਹਿਤਾ, 15 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਵਲ ਸਰਜਨ ਅੰਮ੍ਰਿਤਸਰ ਡਾ: ਸਤਿੰਦਰਜੀਤ ਸਿੰਘ ਅਤੇ ਐਸਐਮਓ ਮੈਡਮ ਮੋਨਾ ਚਥਰਥ ਤਰਸਿੱਕਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਹਰਜੀਤ ਕੌਰ ਦੀ ਅਗਵਾਈ ਹੇਠ ਸਰਕਾਰੀ ਮਿਡਲ ਸਕੂਲ ਬੱਗਾ ਵਿਖੇ ਡਰਾਈ ਡੇ ਮਨਾਇਆ ਗਿਆ ।ਜਿਸ ਵਿਚ ਮਲੇਰੀਆ ਤੋਂ ਬਚਾਅ ਸਬੰਧੀ ਜਾਣਕਾਰੀ ਦਿੰਦਿਆਂ ਸੁਖਚੈਨ ਸਿੰਘ ਹੈਲਥ ਵਰਕਰ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੇ ਬੱਚਿਆਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਿਵੇਂ ਮਲੇਰੀਆ ਤੋਂ ਬਚਿਆ ਜਾ ਸਕਦਾ ਹੈ। ਜਿਵੇਂ ਕਿ ਆਪਣੇ ਆਲੇ ਦੁਆਲੇ ਘਰਾਂ ’ਚ ਟੁੱਟੇ ਭੱਜੇ ਬਰਤਨ, ਪੁਰਾਣੇ ਟਾਇਰ,ਗਮਲੇ ਅਤੇ ਕੂਲਰਾਂ ਵਿਚ ਪਾਣੀ ਆਦਿ ਨਾਂ ਖੜ੍ਹਾ ਹੋਣ ਦਿੱਤਾ ਜਾਵੇ ਅਤੇ ਆਪਣੇ ਘਰਾਂ ਦੇ ਆਲੇ ਦੁਆਲੇ ਸਾਫ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ ।ਇਸ ਮੌਕੇ ਅਮਨਪ੍ਰੀਤ ਸਿੰਘ ਸੀਐੱਚਓ, ਰਣਜੀਤ ਕੌਰ , ਕੋਮਲਪ੍ਰੀਤ ਕੌਰ , ਗੁਰਜੀਤ ਕੌਰ ਆਸਾ ਵਰਕਰ , ਸਕੂਲ ਇੰਚਾਰਜ ਸੁਨੀਤਾ ਰਾਣੀ ਅਤੇ ਲਵਪ੍ਰੀਤ ਸਿੰਘ ਸਾਇੰਸ ਟੀਚਰ ਆਦਿ ਹਾਜ਼ਰ ਸਨ।

# ਧੂਰੀ ਦੇ 21 ਵਾਰਡਾਂ ਵਿੱਚ ਵੱਡੇ ਮਾਰਜਨ ਨਾਲ ਆਪ ਜਿੱਤ ਪ੍ਰਾਪਤ ਕਰੇਗੀ: ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਨੇ ਕਿਹਾ ਕਿ ਸ਼ਹਿਰ ਵਿੱਚ 26 ਮਈ ਨੂੰ ਹੋਣ ਜਾ ਰਹੀਆਂ ਐਮਸੀ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਧੂਰੀ ਦੇ 21 ਵਾਰਡਾਂ ਦੇ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਣਨੁਮਾਈ ਹੇਠ ਅਤੇ ਓਐਸਡੀ ਸੁਖਬੀਰ ਸਿੰਘ ਦੀ ਯੋਗ ਅਗਵਾਈ ਦੇ ਹੇਠ ਵੱਡੇ ਮਾਰਜਨ ਨਾਲ ਜਿੱਤ ਕੇ ਇੱਕ ਇਤਿਹਾਸ ਰਚੇਗੀ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਾਢੇ ਚਾਰ ਸਾਲਾਂ ਦੇ ਵਿੱਚ ਕੀਤੇ ਲੋਕ ਭਲਾਈ ਕੰਮਾਂ ਤੋਂ ਖੁਸ਼ ਹੋ ਕੇ ਸ਼ਹਿਰ ਨਿਵਾਸੀ ਆਪ ਦੇ ਉਮੀਦਵਾਰਾਂ ਦੇ ਹੱਕ ਵਿੱਚ 26 ਮਈ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਜਿਤਾਉਣਗੇ ।

# ਸਕੱਤਰ ਸਿੰਘ ਬੱਲ ਸਠਿਆਲਾ ਪੀ.ਪੀ.ਐਸ ਨੂੰ ਡੀ.ਪੀ.ਆਈ ਸੈਕੰਡਰੀ ਲੱਗਣ ‘ਤੇ ਇਲਾਕੇ ’ਚ ਖੁਸ਼ੀ ਦੀ ਲਹਿਰ



**ਮਹਿਤਾ ਚੌਕ, 15 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਬ ਡਵੀਜ਼ਨ ਬਾਬਾ ਬਕਾਲਾ ਦੇ ਪਿੰਡ ਸਠਿਆਲਾ ਦੇ ਜੰਮਪਲ ਸਕੱਤਰ ਸਿੰਘ ਬੱਲ ਨੂੰ ਡੀ.ਪੀ.ਆਈ ਸੈਕੰਡਰੀ ਅਤੇ ਵਾਧੂ ਚਾਰਜ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਲੱਗਣ ਤੇ ਇਲਾਕੇ ਵਿਚ ਖੁਸ਼ੀ ਦੀ ਲਹਿਰ ਪਾਈ ਗਈ ਹੈ ।ਇਸ ਮੌਕੇ’ ਤੇ ਅਧਿਆਪਕ ਵਰਗ ਅਤੇ ਸਿੱਖਿਆ ਪ੍ਰੇਮੀ ਸਾਬਕਾ ਸਰਪੰਚ ਗੁਰਪ੍ਰਤਾਪ ਸਿੰਘ ਭਿੱਲਾ, ਸਾਬਕਾ ਸਰਪੰਚ ਦਲਵਿੰਦਰ ਸਿੰਘ, ਸਰਪੰਚ ਗੁਰਜਿੰਦਰ ਸਿੰਘ ਗਿੰਦਾ, ਐਡਵੋਕੇਟ ਪਰਵੀਨਪਾਲ ਸਿੰਘ ਭਲਾਈਪੁਰ ਪੁਰਬ, ਪ੍ਰੋ: ਸਤਬੀਰ ਸਿੰਘ ਮੱਤੇਵਾਲ, , ਮਾ: ਨਛੱਤਰ ਸਿੰਘ ਬੱਲ, ਮਾ:ਸੁਖਦੇਵ ਸਿੰਘ ਬੱਲ, ਸੁਸਾਇਟੀ ਪ੍ਰਧਾਨ ਗੁਰਮੁੱਖ ਸਿੰਘ ਡਾਂਗਾ, ਚੰਨਦੀਪ ਸਿੰਘ ਬੁਤਾਲਾ, ਮਾ: ਤਲਵਿੰਦਰਬੀਰ ਸਿੰਘ ਬੁੱਟਰ, ਮਾ: ਬਿਰਕਮਜੀਤ ਸਿੰਘ ਸਠਿਆਲਾ,ਮਾ: ਜਗੀਰ ਸਿੰਘ ਸਠਿਆਲਾ ਵੱਲੋਂ ਸਕੱਤਰ ਸਿੰਘ ਬੱਲ ਨੂੰ ਡੀ.ਪੀ.ਈ ਲੱਗਣ ‘ਤੇ ਵਧਾਈ ਦਿੰਦਿਆਂ ਇਸ ਫੈਸਲੇ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ’ਤੇ ਵੱਖ–ਵੱਖ ਸੰਸਥਾਵਾਂ ਅਤੇ ਸਮਾਜਿਕ ਆਗੂਆਂ ਨੇ ਵੀ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਇਹ ਨਿਯੁਕਤੀ ਲਾਹੇਵੰਦ ਸਾਬਤ ਹੋਵੇਗੀ ।ਇਸ ਮੌਕੇ ਤੇ ਬੀ.ਐਡ ਫਰੰਟ ਦੇ ਆਗੂ ਤਜਿੰਦਰ ਸਿੰਘ ਮੁਹਾਲੀ, ਸਰਤਾਜ ਸਿੰਘ ਕਪੂਰਥਲਾ, ਪਰਮਜੀਤ ਸਿੰਘ ਫਿਰੋਜਪੁਰ, ਬਿਕਰਮ ਸਿੰਘ ਅਜਨਾਲਾ, ਕੰਵਲਜੀਤ ਸਿੰਘ ਭਕਨਾ ਅਤੇ ਸ਼ਹੀਦ ਇੰਸ: ਰਘਬੀਰ ਸਿੰਘ ਸ.ਸ.ਸ.ਸ ਸਠਿਆਲਾ ਦੀ ਪ੍ਰਿੰ: ਸਿਮਰਨਜੀਤ ਕੌਰ ਨੇ ਦੱਸਿਆ ਹੈ ਸਕੱਤਰ ਸਿੰਘ ਬੱਲ ਸਾਡੇ ਸਕੂਲ ਵਿਦਿਆਰਥੀ ਰਹੇ ਹਨ ਅਤੇ ਸਿੱਖਿਆ ਵਿਭਾਗ ਵਿਚ ਬਤੌਰ ਅਧਿਆਪਕ ਰਹੇ ਸਨ ਤੇ ਉਨ੍ਹਾਂ ਨੇ ਪੀ.ਸੀ.ਓਸ ਪਾਸ ਕਰਕੇ ਐਸ.ਡੀ ਐਮ ਬਣੇ ਤੇ ਅੱਜ ਸਕੱਤਰ ਸਿੰਘ ਬੱਲ ਸਿੱਖਿਆ ਵਿਭਾਗ ਵਿਚ ਡੀ.ਪੀ.ਆਈ ਲੱਗਣ ‘ਤੇ ਮਾਣ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 6 ਸੋਨ ਅਤੇ 1 ਚਾਂਦੀ ਦੇ ਤਗਮਿਆਂ ਨਾਲ ਗੁਰੂ ਕਾਸ਼ੀ ਯੂਨੀਵਰਸਿਟੀ ਬਣੀ ਗਤਕਾ ਚੈਂਪੀਅਨ

# ਆਰਤੀ, ਅਰਸ਼ਦੀਪ, ਹਰਲੀਨ ਤੇ ਪ੍ਰਭਜੋਤ ਨੇ ਜਿੱਤਿਆ ਸੋਨ ਤਗਮਾ



**ਤਲਵੰਡੀ ਸਾਬੋ, 15 ਮਈ (ਗੁਰਜੰਟ ਸਿੰਘ ਨਥੇਹਾ)**-ਗੁਰੂ ਕਾਸ਼ੀ ਯੂਨੀਵਰਸਿਟੀ ਦੇ ਖਿਡਾਰੀਆਂ ਨੇ ਕੋਟਾ ਯੂਨੀਵਰਸਿਟੀ, ਕੋਟਾ ਵਿਖੇ ਸਮਾਪਤ ਹੋਈ ਆਲ ਇੰਡੀਆ ਇੰਟਰ ਯੂਨੀਵਰਸਿਟੀ ਗਤਕਾ ਚੈਂਪੀਅਨਸ਼ਿਪ ਲੜਕਿਆਂ ਵਿੱਚ 6 ਸੋਨ ਤੇ 1 ਚਾਂਦੀ ਦਾ ਤਗਮਾ ਜਿੱਤ ਕੇ ਓਵਰ ਆਲ ਚੈਂਪੀਅਨ ਹੋਣ ਦਾ ਮਾਣ ਹਾਸਿਲ ਕੀਤਾ, ਜਦ ਕਿ ਲੜਕੀਆਂ ਵਿੱਚੋਂ ਜੀ.ਕੇ.ਯੂ. 4 ਸੋਨ ਅਤੇ 1 ਚਾਂਦੀ ਦੇ ਤਗਮੇ ਨਾਲ ਰਨਰ ਅੱਪ ਚੈਂਪੀਅਨ ਬਣੀ। ਜੀ.ਕੇ.ਯੂ. ਵੱਲੋਂ ਵਿਸ਼ੇਸ਼ ਸਮਾਰੋਹ ਵਿੱਚ ਚਾਂਸਲਰ ਗੁਰਲਾਭ ਸਿੰਘ ਸਿੱਧੂ ਨੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਮੈਨੇਜ਼ਿੰਗ ਡਾਇਰੈਕਟਰ ਸੁਖਰਾਜ ਸਿੰਘ ਸਿੱਧੂ, ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ, ਡਾਇਰੈਕਟਰ ਕੈਂਪਸ, ਡਾ. ਹਰਜਸਪਾਲ ਸਿੰਘ ਸਿੱਧੂ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਉਹਨਾਂ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਗਤਕਾ ਸਾਡੇ ਪੰਜਾਬ ਦੀ ਅਮੀਰ ਵਿਰਾਸਤ ਹੈ, ਖਿਡਾਰੀਆਂ ਨੇ ਇਹ ਚੈਂਪੀਅਨਸ਼ਿਪ ਜਿੱਤ ਕੇ ਇਲਾਕੇ ਅਤੇ ਵਰਸਿਟੀ ਦਾ ਨਾਂ ਰੋਸ਼ਨ ਕੀਤਾ ਹੈ। ਉਹਨਾਂ ਇਸ ਮਾਣਮਤੀ ਪ੍ਰਾਪਤੀ ਤੇ ਡਾਇਰੈਕਟਰ ਸਪੋਰਟਸ ਡਾ. ਬਲਵਿੰਦਰ ਕੁਮਾਰ ਸ਼ਰਮਾ, ਕੋਚ ਗੁਰਪ੍ਰੀਤ ਸਿੰਘ ਤੇ ਹਰਜਿੰਦਰ ਸਿੰਘ ਨੂੰ ਵਧਾਈ ਦਿੱਤੀ ਅਤੇ ਖਿਡਾਰੀਆਂ ਦੇ ਖੇਡ ਪੱਧਰ ਨੂੰ ਉੱਚਾ ਚੁੱਕਣ ਲਈ ਸਹਿਯੋਗ ਦੀ ਗੱਲ ਆਖੀ। ਖਿਡਾਰੀਆਂ ਦੀ ਹੌਸਲਾ ਅਫ਼ਜਾਈ ਕਰਦਿਆਂ ਪਰੋ. ਵਾਈਸ ਚਾਂਸਲਰ ਡਾ. ਧੀਮਾਨ ਤੇ ਡਾਇਰੈਕਟਰ ਕੈਂਪਸ ਡਾ. ਸਿੱਧੂ ਨੇ ਕਿਹਾ ਕਿ ਵਰਸਿਟੀ ਪ੍ਰਬੰਧਕਾਂ ਵੱਲੋਂ ਅੰਤਰ-ਰਾਸ਼ਟਰੀ ਤੇ ਰਾਸ਼ਟਰੀ ਪੱਧਰ ਤੇ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਵਜ਼ੀਫ਼ੇ ਅਤੇ ਉੱਚ ਦਰਜੇ ਦੀਆਂ ਖੇਡ ਸਹੂਲਤਾਂ ਮੁਹਈਆਂ ਕਰਵਾਈਆਂ ਜਾਂਦੀਆਂ ਹਨ। ਉਹਨਾਂ ਦੱਸਿਆ ਕਿ ਗਤਕੇ ਦੀ ਖੇਡ ਨੂੰ ਹਰਮਨ ਪਿਆਰਾ ਬਣਾਉਣ ਅਤੇ ਇਸ ਦੇ ਪਸਾਰ ਲਈ ਵਰਸਿਟੀ ਭਵਿੱਖ ਵਿੱਚ ਨਵੇਂ ਪ੍ਰੋਗਰਾਮ ਵੀ ਸ਼ੁਰੂ ਕਰਨ ਜਾ ਰਹੀ ਹੈ। ਉਹਨਾਂ ਖਿਡਾਰੀਆਂ ਨੂੰ ਆਪਣੇ ਟੀਚੇ ਹੋਰ ਉੱਚੇ ਕਰਨ ਲਈ ਕਿਹਾ। ਖਿਡਾਰੀਆਂ ਦਾ ਮਨੋਬਲ ਵਧਾਉਂਦੇ ਹੋਏ ਉਹਨਾਂ ਕਿਹਾ ਕਿ ਖੇਡਾਂ ਅਨੁਸ਼ਾਸਨ ਅਤੇ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਦੀਆਂ ਹਨ। ਖੇਡਾਂ ਖਿਡਾਰੀਆਂ ਨੂੰ ਸ਼ਰੀਰਕ, ਮਾਨਸਿਕ ਪੱਧਰ ਤੇ ਮਜ਼ਬੂਤ ਬਣਾਉਦੀਆਂ ਹਨ ਤੇ ਉਹਨਾਂ ਦੇ ਵਿਅਕਤੀਤਵ ਵਿਕਾਸ ਵਿੱਚ ਸਹਾਈ ਹੁੰਦੀਆਂ ਹਨ। ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਡਾਇਰੈਕਟਰ ਸਪੋਰਟਸ ਡਾ. ਸ਼ਰਮਾ ਨੇ ਦੱਸਿਆ ਕਿ ਚੈਂਪੀਅਨਸ਼ਿਪ ਵਿੱਚ 36 ਯੂਨੀਵਰਸਿਟੀਆਂ ਦੇ ਖਿਡਾਰੀਆਂ ਨੇ ਹਿੱਸਾ ਲਿਆ ਸੀ। ਜਿਸ ਵਿੱਚ ਜੀ.ਕੇ.ਯੂ. 7 ਤਗਮੇ ਜਿੱਤ ਕੇ 48 ਅੰਕਾਂ ਨਾਲ ਪਹਿਲੇ ਸਥਾਨ ਤੇ ਰਹੀ। ਲੜਕੀਆਂ ਦੀ ਚੈਂਪੀਅਨਸ਼ਿਪ ਵਿੱਚ ਜੀ.ਕੇ.ਯੂ. ਦੀਆਂ ਖਿਡਾਰਨਾਂ ਆਰਤੀ, ਅਰਸ਼ਦੀਪ, ਹਰਲੀਨ ਅਤੇ ਪ੍ਰਭਜੋਤ ਦੀ ਟੀਮ ਨੇ ਫੁੱਲ ਸਟਰਾਇਕ ਸਿੰਗਲ ਸੋਟੀ ਸ਼੍ਰੇਣੀ ਵਿੱਚ ਸੋਨ ਤਗਮਾ ਜਿੱਤਿਆ। ਚੈਂਪੀਅਨਸ਼ਿਪ ਦਾ ਸਭ ਤੋਂ ਰੋਮਾਂਚਕ ਅਤੇ ਨੇੜਤਾ ਮੁਕਾਬਲਾ ਪੰਜਾਬੀ ਯੂਨੀਵਰਸਿਟੀ ਅਤੇ ਜੀ.ਕੇ.ਯੂ. ਵਿਚਕਾਰ ਰਿਹਾ।

### ਸਕੂਲ ਪਹੁੰਚਣ 'ਤੇ ਸਵਪਨਦੀਪ ਕੌਰ ਦਾ ਕੀਤਾ ਸਨਮਾਨ

# ਸਵਪਨਦੀਪ ਕੌਰ ਨੇ ਬਾਰ੍ਹਵੀਂ ਪੱਧਰ ਦੀ ਪ੍ਰੀਖਿਆ ਚੋਂ ਜਿਲ੍ਹੇ ਚੋਂ ਕੀਤਾ ਹੈ ਪਹਿਲਾ ਸਥਾਨ ਹਾਸਲ



ਤਲਵੰਡੀ ਸਾਬੋ, 15 ਮਈ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਕੂਲ ਸਿੱਖਿਆ ਬੋਰਡ ਨੇ ਮਾਰਚ 2026 ਦੀ ਬਾਰਵੀਂ ਪੱਧਰ ਦੀ ਪ੍ਰੀਖਿਆ ਦੇ ਨਤੀਜਿਆਂ ਦਾ ਐਲਾਨ ਕੀਤਾ ਗਿਆ ਜਿਸ ਵਿੱਚ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਦੀ ਵਿਦਿਆਰਥਣ ਸਵਪਨਦੀਪ ਕੌਰ ਸਿੱਧੂ ਪੁੱਤਰੀ ਬਾਰਾ ਸਿੰਘ ਸਿੱਧੂ ਮਾਤਾ ਦਾ ਨਾਮ ਕਿਰਨਦੀਪ ਕੌਰ ਸਿੱਧੂ ਨੇ 500 ਅੰਕਾਂ ਵਿੱਚੋਂ 494 ਅੰਕ ਪ੍ਰਾਪਤ ਕਰਕੇ ਬਠਿੰਡਾ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਅਤੇ ਪੰਜਾਬ ਭਰ ਵਿੱਚੋਂ ਚੌਦਵਾਂ ਸਥਾਨ ਹਾਸਲ ਕਰਕੇ ਸੂਬਾਈ ਮੈਰਿਟ ਚ ਸਥਾਨ ਹਾਸਲ ਕਰਦਿਆਂ ਸਕੂਲ ਦਾ, ਮਾਤਾ ਪਿਤਾ ਅਤੇ ਬਠਿੰਡਾ ਜ਼ਿਲ੍ਹੇ ਨਾਮ ਚਮਕਾਇਆ ਹੈ। ਵਿਦਿਆਰਥਣ ਦੇ ਸਕੂਲ ਪਹੁੰਚਣ 'ਤੇ ਸਕੂਲ ਪ੍ਰਬੰਧਕ ਕਮੇਟੀ ਅਤੇ ਸਟਾਫ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਪ੍ਰਬੰਧਕ ਕਮੇਟੀ ਮੈਨੇਜਰ ਸ੍ਰੀ ਰਣਜੀਤ ਸਿੰਘ ਮਲਕਾਣਾ ਤੇ ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ ਅਤੇ ਪ੍ਰਿੰਸੀਪਲ ਗੁਰਮੀਤ ਕੌਰ ਕਮੇਟੀ ਪ੍ਰਧਾਨ ਸ. ਛੋਟਾ ਸਿੰਘ, ਸਕੱਤਰ ਸ. ਜਸਵਿੰਦਰ ਸਿੰਘ ਸਿੱਧੂ, ਰੂਪ ਸਿੰਘ ਸਿੱਧੂ, ਕਰਨੈਲ ਸਿੰਘ, ਮੈਡਮ ਜਸਵਿੰਦਰ ਕੌਰ ਅਤੇ ਕਲਾਸ ਇੰਚਾਰਜ ਮੈਡਮ ਜਸਵੀਰ ਕੌਰ ਦੁਆਰਾ ਵਿਦਿਆਰਥਣ ਨੂੰ ਇਸ ਕਾਮਯਾਬੀ ਲਈ ਸਕੂਲ ਵਿੱਚ ਸਨਮਾਨਿਤ ਕੀਤਾ ਗਿਆ ਅਤੇ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਸ਼ੁਭਕਾਮਨਾਵਾਂ ਭੇਟ ਕੀਤੀਆਂ। ਇਸ ਮੌਕੇ ਸਮੂਹ ਸਟਾਫ਼ ਜਿਸ ਵਿੱਚ ਮੈਡਮ ਯਾਦਵਿੰਦਰ ਕੌਰ ਵਾਈਸ ਪ੍ਰਿੰਸੀਪਲ ਲੜਕੀਆਂ, ਸੰਦੀਪ ਕੌਰ, ਮਨਪ੍ਰੀਤ ਕੌਰ, ਪਰਮਜੀਤ ਕੌਰ, ਅਰੁਨਦੀਪ, ਗੁਰਜੀਤ ਕੌਰ, ਕਿਰਨਾਂ ਰਾਣੀ, ਗਗਨਦੀਪ ਸਿੰਘ, ਸਤਨਾਮ ਸਿੰਘ, ਗੁਰਸੰਦੀਪ ਸਿੰਘ, ਰਣਜੀਤ ਸਿੰਘ, ਹਰਪਾਲ ਸਿੰਘ ਸ਼ਾਮਲ ਸਨ ਨੇ ਇਸ ਉਪਲਬਧੀ ਲਈ ਵਿਦਿਆਰਥਣ ਸਵਪਨਦੀਪ ਕੌਰ ਅਤੇ ਉਸ ਦੇ ਸਮੂਹ ਪਰਿਵਾਰ ਨੂੰ ਵਧਾਈਆਂ ਦਿੱਤੀਆਂ। ਜ਼ਿਕਰਯੋਗ ਹੈ ਕਿ ਵਿਦਿਆਰਥਣ ਦੇ ਪਿਤਾ ਖੇਤੀਬਾੜੀ ਕਰਦੇ ਹਨ ਅਤੇ ਸਵਪਨਦੀਪ ਕੌਰ ਸਿੱਧੂ ਦਾ ਉਚੇਰੀ ਪੜ੍ਹਾਈ ਕਰ ਕੇ ਡਾਕਟਰ ਬਣ ਕੇ ਲੋੜਵੰਦਾਂ ਦੀ ਸੇਵਾ ਕਰਨਾ ਸੁਪਨਾ ਹੈ। ਵਿਦਿਆਰਥਣ ਦੀ ਇਸ ਉਪਲਬਧੀ ਤੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਬਠਿੰਡਾ ਸ਼੍ਰੀਮਤੀ ਮਮਤਾ ਖੁਰਾਣਾ ਸੇਠੀ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਚਮਕੌਰ ਸਿੰਘ ਸਿੱਧੂ ਨੇ ਵਧਾਈ ਦਿੱਤੀ।

# ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ, ਵੈਰੋ ਨੰਗਲ ਦਾ 12ਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ



**ਚੌਕ ਮਹਿਤਾ, 15 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਡਾਇਰੈਕਟਰ ਸ, ਨਰਿੰਦਰ ਸਿੰਘ ਬਾਠ, ਚੇਅਰਮੈਨ ਸ੍ਰੀ ਮਤੀ ਮੈਡਮ ਰਾਜਵੰਤ ਕੌਰ ਬਾਠ ਦੀ ਅਗਵਾਈ ਹੇਠ ਚੱਲ ਰਹੀ ਨਾਮਵਰ ਵਿਦਿਅਕ ਸੰਸਥਾ ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਦਾ 12ਵੀਂ ਜਮਾਤ ਦਾ ਨਤੀਜਾ ਇਸ ਸਾਲ ਬਹੁਤ ਹੀ ਸ਼ਾਨਦਾਰ ਰਿਹਾ। ਸਕੂਲ ਦੇ ਵਿਦਿਆਰਥੀਆਂ ਨੇ ਵਧੀਆ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਸਕੂਲ ਵਿੱਚ ਕੋਮਲਪ੍ਰੀਤ ਕੌਰ ਨੇ 87% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਸ਼ਰਨਜੀਤ ਕੌਰ ਨੇ ਵੀ 87% ਅੰਕ ਲੈ ਕੇ ਦੂਜਾ ਸਥਾਨ ਪ੍ਰਾਪਤ ਕੀਤਾ। ਮਹਿਕਪ੍ਰੀਤ ਕੌਰ ਨੇ 86% ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਸਿਮਰਨਜੀਤ ਕੌਰ ਨੇ 83%, ਸਹਜਪ੍ਰੀਤ ਕੌਰ ਅਤੇ ਸੁਖਸਿਮਰਤ ਕੌਰ ਨੇ 79%-79% ਅਤੇ ਅਰਮਾਨਦੀਪ ਸਿੰਘ ਨੇ 75% ਅੰਕ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ। ਇਸ ਮੌਕੇ ਸਕੂਲ ਦੇ ਪ੍ਰਬੰਧਕਾਂ ਅਤੇ ਅਧਿਆਪਕਾਂ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਇਹ ਸਫਲਤਾ ਉਨ੍ਹਾਂ ਦੀ ਕਠਿਨ ਮਿਹਨਤ, ਮਾਪਿਆਂ ਦੇ ਸਹਿਯੋਗ ਅਤੇ ਅਧਿਆਪਕਾਂ ਦੀ ਲਗਨ ਦਾ ਨਤੀਜਾ ਹੈ।

# ਬੱਚਿਆਂ ਦੇ ਭਵਿੱਖ ਨਾਲ ਖਿਲਵਾੜ ! ਦਿੱਲੀ ਕਮੇਟੀ ਅਧੀਨ ਸਕੂਲ ਬਿਨਾਂ ਮਾਨਤਾ ਚੱਲਦਾ ਰਿਹਾ : ਪਰਮਜੀਤ ਸਿੰਘ ਵੀਰਜੀ

## ਦਿੱਲੀ ਕਮੇਟੀ ਪ੍ਰਬੰਧਕਾਂ ਕੋਲੋਂ ਤੁਰੰਤ ਅਸਤੀਫ਼ੇ ਦੀ ਮੰਗ

ਨਵੀਂ ਦਿੱਲੀ 15 ਮਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦਵਾਰਾ ਕਮੇਟੀ ਦੇ ਪ੍ਰਬੰਧਾਂ 'ਤੇ ਇੱਕ ਵਾਰ ਫਿਰ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ। ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਦਸਿਆ ਕਿ ਸ਼ੋਸ਼ਲ ਮੀਡੀਆ ਅਤੇ ਸੂਤਰਾਂ ਮੁਤਾਬਕ ਕਮੇਟੀ ਨਾਲ ਜੁੜਿਆ ਗੁਰੂ ਹਰਿਕਿਸ਼ਨ ਪਬਲਿਕ ਸਕੂਲ ਢੱਕਾ ਧੀਰਪੁਰ ਪਿਛਲੇ ਅੱਠ ਸਾਲਾਂ ਤੋਂ ਬਿਨਾਂ ਲੋੜੀਂਦੀ ਸਿੱਖਿਆ ਮਾਨਤਾ ਦੇ ਚੱਲਦਾ ਰਿਹਾ, ਪਰ ਪ੍ਰਬੰਧਕਾਂ ਵੱਲੋਂ ਨਾ ਤਾਂ ਮਾਪਿਆਂ ਨੂੰ ਅਸਲੀ ਹਾਲਾਤ ਦੱਸੇ ਗਏ ਅਤੇ ਨਾ ਹੀ ਵਿਦਿਆਰਥੀਆਂ ਦੇ ਭਵਿੱਖ ਦੀ ਕੋਈ ਚਿੰਤਾ ਕੀਤੀ ਗਈ। ਹੁਣ ਜਦੋਂ ਸਿੱਖਿਆ ਡਾਇਰੈਕਟੋਰੇਟ ਨੇ ਸਕੂਲ ਵੱਲੋਂ ਜਾਰੀ ਸਕੂਲ ਛੱਡਣ ਸਰਟੀਫਿਕੇਟ (ਐਸਐਲਸੀ) 'ਤੇ ਕਾਊਂਟਰ ਸਾਈਨ ਕਰਨ ਤੋਂ ਇਨਕਾਰ ਕਰ ਦਿੱਤਾ ਹੈ ਤਾਂ ਮਾਪੇ ਅਤੇ ਬੱਚੇ ਰੋਜ਼ਾਨਾ ਸਰਕਾਰੀ ਦਫ਼ਤਰਾਂ ਦੇ ਧੱਕੇ ਖਾਣ ਲਈ ਮਜਬੂਰ ਹਨ। ਪਰਮਜੀਤ ਸਿੰਘ ਵੀਰਜੀ ਨੇ ਇਸ ਮਾਮਲੇ 'ਤੇ ਕਮੇਟੀ ਪ੍ਰਬੰਧਕਾਂ ਨੂੰ ਤਿੱਖੇ ਸ਼ਬਦਾਂ ਵਿੱਚ ਘੇਰਦਿਆਂ ਕਿਹਾ ਕਿ ਜਿਹੜੇ ਲੋਕ ਸਿੱਖਿਆ ਸੰਸਥਾਵਾਂ ਨੂੰ ਢੰਗ ਨਾਲ ਨਹੀਂ ਚਲਾ ਸਕਦੇ, ਉਨ੍ਹਾਂ ਨੂੰ ਅਹੁਦਿਆਂ 'ਤੇ ਬੈਠਣ ਦਾ ਕੋਈ ਹੱਕ ਨਹੀਂ। ਉਨ੍ਹਾਂ ਕਿਹਾ ਕਿ 230 ਵਿਦਿਆਰਥੀਆਂ ਵਾਲੇ ਸਕੂਲ ਵਿੱਚੋਂ ਲਗਭਗ 30 ਬੱਚਿਆਂ ਦੇ ਦਾਖਲੇ ਸਿਰਫ਼ ਕਮੇਟੀ ਦੀ ਲਾਪਰਵਾਹੀ ਕਾਰਨ ਅਟਕੇ ਹੋਏ ਹਨ। ਵੀਰਜੀ ਨੇ ਦੋਸ਼ ਲਾਇਆ ਕਿ ਕਮੇਟੀ ਪ੍ਰਬੰਧਕ ਸਿਰਫ਼ ਪ੍ਰਚਾਰ ਅਤੇ ਦਾਅਵਿਆਂ ਵਿੱਚ ਹੀ ਅੱਗੇ ਹਨ, ਜਦਕਿ ਜ਼ਮੀਨੀ ਹਕੀਕਤ ਵਿੱਚ ਬੱਚਿਆਂ ਦਾ ਭਵਿੱਖ ਦਾਅ 'ਤੇ ਲੱਗਾ ਹੋਇਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਦੀ ਗਲਤ ਨੀਤੀਆਂ ਅਤੇ ਪ੍ਰਬੰਧਕੀ ਨਾਕਾਮੀਆਂ ਕਾਰਨ ਪਹਿਲਾਂ ਵੀ ਕਮੇਟੀ ਅਧੀਨ ਚੱਲ ਰਹੇ ਕਈ ਵਿਦਿਅਕ ਅਦਾਰੇ ਬੰਦ ਹੋ ਚੁੱਕੇ ਹਨ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਸਕੂਲਾਂ ਨੂੰ ਛੱਡਣ ਲਈ ਮਜਬੂਰ ਹੋਏ ਹਨ। ਦੂਜੇ ਪਾਸੇ ਅਧਿਆਪਕਾਂ ਵੱਲੋਂ ਬਕਾਇਆ ਰਾਸ਼ੀਆਂ ਨੂੰ ਲੈ ਕੇ ਕਮੇਟੀ ਖ਼ਿਲਾਫ਼ ਅਦਾਲਤਾਂ ਵਿੱਚ ਕਈ ਕੇਸ ਦਾਇਰ ਕੀਤੇ ਗਏ ਹਨ, ਜੋ ਅਜੇ ਵੀ ਸੁਣਵਾਈ ਅਧੀਨ ਹਨ। ਵੀਰਜੀ ਨੇ ਦੋਸ਼ ਲਾਇਆ ਕਿ ਇੱਕ ਮਾਮਲੇ ਵਿੱਚ ਤਾਂ ਕਮੇਟੀ ਪ੍ਰਬੰਧਕ ਦੋਸ਼ੀ ਵੀ ਕਰਾਰ ਦਿੱਤੇ ਜਾ ਚੁੱਕੇ ਹਨ, ਜਿਸ ਨਾਲ ਉਨ੍ਹਾਂ ਦੀ ਪ੍ਰਬੰਧਕੀ ਯੋਗਤਾ ਅਤੇ ਨੈਤਿਕਤਾ ਦੋਵਾਂ 'ਤੇ ਵੱਡਾ ਸਵਾਲ ਖੜ੍ਹਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਆਪਣੇ ਅਧੀਨ ਚੱਲ ਰਹੀਆਂ ਸਿੱਖਿਆ ਸੰਸਥਾਵਾਂ ਨੂੰ ਬਚਾ ਨਹੀਂ ਸਕੇ, ਅਧਿਆਪਕਾਂ ਨੂੰ ਉਨ੍ਹਾਂ ਦੇ ਹੱਕ ਨਹੀਂ ਦੇ ਸਕੇ ਅਤੇ ਬੱਚਿਆਂ ਦੇ ਭਵਿੱਖ ਨੂੰ ਹੀ ਸੰਕਟ ਵਿੱਚ ਧੱਕ ਰਹੇ ਹਨ, ਉਹ ਹੁਣ ਕਮੇਟੀ ਪ੍ਰਬੰਧ ਸੰਭਾਲਣ ਦਾ ਨੈਤਿਕ ਹੱਕ ਗੁਆ ਚੁੱਕੇ ਹਨ। ਪਰਮਜੀਤ ਸਿੰਘ ਵੀਰਜੀ ਨੇ ਮੰਗ ਕੀਤੀ ਕਿ ਇਸ ਪੂਰੇ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਅਤੇ ਜਿਨ੍ਹਾਂ ਪ੍ਰਬੰਧਕਾਂ ਦੀ ਲਾਪਰਵਾਹੀ ਕਾਰਨ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਖੱਜਲ-ਖੁਆਰ ਹੋਣਾ ਪਿਆ ਹੈ, ਉਹ ਤੁਰੰਤ ਆਪਣੇ ਅਹੁਦਿਆਂ ਤੋਂ ਅਸਤੀਫ਼ੇ ਦੇਣ।



# ਦਮਦਮੀ ਟਕਸਾਲ ਦੇ ਸ਼ਹੀਦੀ ਸਮਾਗਮਾਂ ਪ੍ਰਤੀ ਸੰਗਤ 'ਚ ਭਾਰੀ ਉਤਸ਼ਾਹ : ਸੰਤ ਬਾਬਾ ਲਖਬੀਰ ਸਿੰਘ ਜੀ, ਸੰਤ ਬਾਬਾ ਮਨਮੋਹਨ ਸਿੰਘ ਜੀ ਭੰਗਾਲੀ

**ਚੌਕ ਮਹਿਤਾ, 15ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਜੂਨ 1984 (ਘੱਲੂਘਾਰੇ) ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਮਹਾਨ ਸ਼ਹੀਦੀ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦਮਦਮੀ ਟਕਸਾਲ ਦੇ ਹੈੱਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸੰਤ ਸਮਾਜ ਦੇ ਪ੍ਰਧਾਨ ਤੇ ਦਮਦਮੀ ਟਕਸਾਲ ਦੇ ਮੁੱਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਗੁਰਦੁਆਰਾ ਟਾਹਲੀ ਸਾਹਿਬ ਭੰਗਾਲੀ ਦੇ ਮੌਜੂਦਾ ਮੁੱਖੀ ਸੰਤ ਬਾਬਾ ਲਖਬੀਰ ਸਿੰਘ ਜੀ, ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ ਕਲਾਂ ਵਾਲਿਆਂ ਨੇ ਗੱਲਬਾਤ ਦੌਰਾਨ ਕੀਤਾ, ਉਨ੍ਹਾਂ ਦੱਸਿਆ ਕਿ ਦਮਦਮੀ ਟਕਸਾਲ ਵੱਲੋਂ 6 ਜੂਨ ਦੇ ਇਸ ਸ਼ਹੀਦੀ ਸਮਾਗਮ ਨੂੰ ਸਮਰਪਿਤ ਵੱਖ ਵੱਖ ਪਿੰਡਾਂ ਵਿੱਚ ਜੋ ਕਥਾ ਕੀਰਤਨ ਸਮਾਗਮ ਕਰਵਾਏ ਜਾ ਰਹੇ ਹਨ, ਇਨ੍ਹਾਂ ਸਮਾਗਮਾਂ ਨੂੰ ਲੈ ਕਰ ਕੇ ਵਿੱਚ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਦੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।




ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਬੋਰਡ ਕਲਾਸਾਂ ਵਿੱਚੋਂ ਪਹਿਲੀਆਂ ਤਿੰਨ ਪੁਜੀਸ਼ਨਾਂ ਲੈਣ ਵਾਲੇ ਵਿਦਿਆਰਥੀਆਂ ਦਾ

# ਸਰਕਾਰੀ ਸੈਕੰਡਰੀ ਸਕੂਲ ਮਲਕਾਣਾ ਵਿਖੇ ਕੀਤਾ ਗਿਆ ਸਨਮਾਨ



**ਤਲਵੰਡੀ ਸਾਬੋ, 15 ਮਈ (ਗੁਰਜੰਟ ਸਿੰਘ ਨਥੇਹਾ)**- ਅੱਜ ਸਰਕਾਰੀ ਸੈਕੰਡਰੀ ਸਕੂਲ ਮਲਕਾਣਾ ਵਿਖੇ ਬੋਰਡ ਦੀਆਂ ਜਮਾਤਾਂ ਵਿੱਚੋਂ ਪਹਿਲੀਆਂ ਤਿੰਨ ਪੁਜੀਸ਼ਨਾਂ ਲੈਣ ਵਾਲੇ ਬੱਚਿਆਂ ਦਾ ਐਸਐਮਸੀ ਚੇਅਰਮੈਨ ਸ. ਪਾਲ ਸਿੰਘ, ਉਪ ਚੇਅਰਮੈਨ ਸ. ਅਸ਼ਪਾਲ ਸਿੰਘ ਅਤੇ ਮੁੱਖ ਅਧਿਆਪਕ ਸ. ਗੁਰਮੇਲ ਸਿੰਘ ਅਤੇ ਸਮੁੱਚੇ ਸਟਾਫ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਮੁੱਖ ਅਧਿਆਪਕ ਗੁਰਮੇਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਰਵੀਂ ਜਮਾਤ ਦੇ 17 ਦੇ 17 ਬੱਚੇ ਪਾਸ ਹੋਏ ਅੱਠਵੀਂ ਜਮਾਤ ਦੇ 38 ਦੇ 38 ਬੱਚੇ ਪਾਸ ਹੋਏ ਉਥੇ ਦਸਵੀਂ ਜਮਾਤ ਦੇ ਵੀ38 ਦੇ 38ਬੱਚੇ ਪਾਸ ਹੋਏ ,ਇਸ ਤਰ੍ਹਾਂ ਸਕੂਲ ਦਾ ਤਿੰਨਾਂ ਹੀ ਜਮਾਤਾਂ ਦਾ ਰਿਜਲਟ 100% ਰਿਹਾ। ਬਾਰਵੀਂ ਜਮਾਤ ਵਿੱਚੋਂ ਪਹਿਲੀ ਪੁਜੀਸ਼ਨ ਹਰਮਨਦੀਪ ਕੌਰ ਪੁੱਤਰੀ ਹਰਜਿੰਦਰ ਸਿੰਘ ਨੇ ਲਈ ਜਿਸ ਨੇ 93.6 ਅੰਕ ਪ੍ਰਾਪਤ ਕੀਤੇ ਦੂਸਰੀ ਪੁਜੀਸ਼ਨ ਚਰਨਜੀਤ ਕੌਰ ਪੁੱਤਰੀ ਮਨਜੀਤ ਰਾਮ ਅਤੇ ਤੀਸਰੀ ਪੋਜੀਸ਼ਨ ਈਸ਼ਾ ਆਣੇ ਰਾਣੀ ਪੁੱਤਰੀ ਜਗਤਾਰ ਸਿੰਘ ਨੇ ਲਈ।ਦਸਵੀਂ ਜਮਾਤ ਵਿੱਚੋਂ ਪਹਿਲੀ ਪੁਜੀਸ਼ਨ ਸਿਮਰਜੀਤ ਕੌਰ ਪੁੱਤਰੀ ਰਾਮ ਚੰਦ ਸਿੰਘ ਦੂਸਰੀ ਪੁਜੀਸ਼ਨ ਰਣਜੋਤ ਸਿੰਘ ਪੁੱਤਰ ਸ. ਮੋਹਨ ਸਿੰਘ ਹਿੰਦੀ ਮਾਸਟਰ ਅਤੇ ਤੀਸਰੀ ਪੋਜੀਸ਼ਨ ਪਰਨੀਤ ਕੌਰ ਪੁੱਤਰੀ ਲਾਭ ਸਿੰਘ ਨੇ ਪ੍ਰਾਪਤ ਕੀਤੀ। ਇਸੇ ਤਰ੍ਹਾਂ ਅੱਠਵੀਂ ਜਮਾਤ ਵਿੱਚੋਂ ਪਹਿਲੀ ਪੁਜੀਸ਼ਨ, ਨੂਰਪ੍ਰੀਤ ਕੌਰ ਪੁੱਤਰੀ ਸੇਵਕ ਸਿੰਘ ਦੂਸਰੀ ਪੁਜੀਸ਼ਨ, ਰਮਨਦੀਪ ਕੌਰ ਪੁੱਤਰੀ ਸ਼੍ਰੀ ਨੈਬ ਰਾਮ ਅਤੇ ਤੀਸਰੀ ਪੋਜੀਸ਼ਨ, ਜਸਪ੍ਰੀਤ ਕੌਰ ਪੁੱਤਰੀ ਅਸਪਾਲ ਸਿੰਘ ਐਸ ਐਮ ਸੀ ਕਮੇਟੀ ਮੈਂਬਰ ਨੇ ਪ੍ਰਾਪਤ ਕੀਤੀ। ਅੱਜ ਇਹਨਾਂ ਸਾਰੇ ਬੱਚਿਆਂ ਨੂੰ ਟਰਾਫੀਆਂ ਅਤੇ 90% ਤੋਂ ਵੱਧ ਅੰਕ ਲੈਣ ਵਾਲਾ ਬੱਚਿਆਂ ਨੂੰ 500 ਰੁਪਏ ਦੀ ਨਗਦ ਰਾਸ਼ੀ ਨਾਲ ਅਤੇ ਸੁਖਮਨਪ੍ਰੀਤ ਪਕੌਰ ਨੂੰ ਅੱਠਵੀਂ ਜਮਾਤ ਵਿੱਚੋਂ ਪੰਜਾਬੀ ਵਿਸ਼ੇ ਵਿੱਚੋਂ 100/100 ਅੰਕ ਲੈਣ ਤੇ ਉਸਨੂੰ ਵੀ 500 ਰੁਪਏ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੋਲਦਿਆਂ ਮੁੱਖ ਅਧਿਆਪਕ ਸ. ਗੁਰਮੇਲ ਸਿੰਘ ਮਾਪਿਆਂ ਨੂੰ ਸੰਦੇਸ਼ ਦਿੱਤਾ ਕਿ ਬੱਚਿਆਂ ਦੇ ਪੜ੍ਹਾਈ ਵਿੱਚ ਵਧੀਆ ਪ੍ਰਦਰਸ਼ਨ ਲਈ ਬੱਚੇ, ਅਧਿਆਪਕ ਤੇ ਮਾਪੇ ਤਿੰਨਾਂ ਧਿਰ੍ਹਾਂ ਦਾ ਵਿਸ਼ੇਸ਼ ਸਹਿਯੋਗ ਹੁੰਦਾ ਹੈ। ਇਸ ਲਈ ਮਾਪਿਆਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਦਾ ਵੱਧ ਤੋਂ ਵੱਧ ਖਿਆਲ ਰੱਖਿਆ ਜਾਵੇ, ਪੜ੍ਹਾਈ ਸਬੰਧੀ ਉਹਨਾਂ ਨਾਲ ਗੱਲਬਾਤ ਕੀਤੀ ਜਾਵੇ ਸਮੇਂ-ਸਮੇਂ 'ਤੇ ਉਹਨਾਂ ਤੋਂ ਸਕੂਲ ਵਿੱਚ ਕਰਵਾਈਆਂ ਜਾਂਦੀਆਂ ਗਤੀਵਿਧੀਆਂ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ ਜਾਂਦੀ ਰਹੇ ।ਇਸ ਮੌਕੇ ਤਿੰਨੇ ਕਲਾਸਾਂ ਦਾ 100% ਰਿਜਲਟ ਲਿਆਉਣ ਲਈ ਸਮੁੱਚੇ ਸਟਾਫ ਨੂੰ ਚੇਅਰਮੈਨ ਅਤੇ ਐਸਐਮਸੀ ਕਮੇਟੀ ਦੇ ਮੈਂਬਰਾਂ ਵੱਲੋਂ ਸਨਮਾਨਿਤ ਕੀਤਾ ਗਿਆ। ਮੁੱਖ ਅਧਿਆਪਕ ਜੀਨੇ ਸਮੁੱਚੇ ਸਟਾਫ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਕਿ ਇਹ ਵਧੀਆ ਰਿਜ਼ਲਟ ਲਈ ਨੇ ਇੱਕ ਟੀਮ ਦੇ ਤੌਰ ਤੇ ਵਿਚਰਨ ਲਈ ਸਮੁੱਚੇ ਸਟਾਫ ਦਾ ਵਿਸ਼ੇਸ਼ ਯੋਗਦਾਨ ਹੈ।

**ਸਮੁੱਚੇ ਤੌਰ 'ਤੇ 90% ਤੋਂ ਵੱਧ ਅੰਕ ਲੈਣ ਵਾਲੇ ਅਤੇ ਵਿਸ਼ੇ ਵਿੱਚੋਂ 100/100 ਅੰਕ ਲੈਣ ਵਾਲੇ ਬੱਚਿਆਂ ਦਾ ਨਗਦ ਰਾਸ਼ੀ ਨਾਲ ਕੀਤਾ ਗਿਆ ਸਨਮਾਨ**

ਆਵਾਜ਼ਿ ਕੌਮ AWAZE QAUM International Newspaper & WEB TV

## ਭਾਰਤ ਸਰਕਾਰ ਵੱਲੋਂ ਓ.ਬੀ.ਸੀ. ਜਾਤੀ ਨੂੰ

# ਸਵੈ ਜਨਗਣਨਾ ਤੋਂ ਵਾਂਝਾ ਰੱਖਣ ਦੀ ਨਿਖੇਧੀ : ਦੜਿਆਲਾ



ਫ਼ਿਰੋਜ਼ਪੁਰ, 15 ਮਈ (ਮਨੋਹਰ ਲਾਲ) :— ਸ: ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਦੇ ਹਰਭਜਨ ਸਿੰਘ ਦੜਿਆਲਾ ਪੰਜਾਬ ਪ੍ਰਧਾਨ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਭਾਰਤ ਸਰਕਾਰ ਵੱਲੋਂ 14 ਮਈ ਤੋਂ ਜਨਗਣਨਾ ਦਾ ਕੰਮ ਸ਼ੁਰੂ ਕਰਨਾ ਹੈ ਇਸ ਲਈ ਗਿਣਤੀਕਾਰ ਆਨਲਾਈਨ ਸਵੈ ਜਨਗਨਣਾ ਕਰਨ ਲਈ ਤੁਹਾਡੇ ਘਰਾਂ ਵਿੱਚ ਆਉਣਗੇ ਤਾਂ ਜੋ ਘੱਟ ਤੋਂ ਘੱਟ ਸਮਾਂ ਲੱਗ ਸਕੇ ਪਰ ਹੈਰਾਨੀ ਵਾਲੀ ਗੱਲ ਦੇਖਣ ਵਿਚ ਆਈ ਕਿ ਇਸ ਫਾਰਮ ਵਿੱਚ ਓ.ਬੀ.ਸੀ ਜਾਤੀ ਦਾ ਕੋਈ ਜ਼ਿਕਰ ਹੀ ਨਹੀਂ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਦੇ ਇਸ ਕਦਮ ਨੂੰ ਮੰਦਭਾਗਾ ਕਰਾਰ ਦਿੰਦਿਆ ਕਿਹਾ ਕਿ ਅਜਿਹਾ ਕਰਕੇ ਸਰਕਾਰ ਨੇ ਪਛੜੀਆਂ ਸ਼੍ਰੇਣੀਆਂ ਨਾਲ ਬਹੁਤ ਵੱਡਾ ਧੋਖਾ ਕੀਤਾ ਹੈ। ਗੱਲਬਾਤ ਕਰਦਿਆਂ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ ਨੇ ਦੱਸਿਆ ਕੀ ਭਾਰਤ ਸਰਕਾਰ ਜਾਣਬੁੱਝ ਕੇ ਜਾਤੀ ਜਨਗਣਨਾ ਨਹੀਂ ਕਰਵਾਉਣਾ ਚਾਹੁੰਦੀ ਤਾਂ ਜੋ ਓ.ਬੀ.ਸੀ ਆਪਣੀ ਤਾਕਤ ਵਿਖਾਉਣ ਤੋਂ ਵਾਂਝੇ ਰਹਿ ਸਕਨ ਅਤੇ ਉਨ੍ਹਾਂ ਦੇ ਅਧਿਕਾਰਾਂ ਤੇ ਡਾਕਾ ਮਾਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜੋ ਕਿ ਬਰਦਾਸ਼ ਤੋਂ ਬਾਹਰ ਹੈ। ਇਸ ਮੌਕੇ ਬੋਲਦਿਆਂ ਸੁਖਮੰਦਰ ਸਿੰਘ ਜੱਬਲ ਸਕੱਤਰ ਜਨਰਲ ਪੰਜਾਬ ਨੇ ਸਖਤ ਸ਼ਬਦਾਂ ਵਿੱਚ ਚੇਤਾਵਨੀ ਦਿੰਦੇ ਹੋਏ ਕਿਹਾ ਕੀ ਭਾਰਤ ਸਰਕਾਰ ਨੂੰ ਡਰ ਹੈ ਕਿ ਪਿਛੜੇ ਵਰਗ ਨੂੰ ਆਪਣੀ ਅਸਲੀ ਗਿਣਤੀ ਅਤੇ ਤਾਕਤ ਦਾ ਪਤਾ ਲੱਗਣ ਨਾਲ ਉਹ ਆਪਣੇ ਹੱਕਾਂ ਲਈ ਜਾਗਰੂਤ ਹੋ ਜਾਣਗੇ, ਉਨ੍ਹਾਂ ਮੰਗ ਕੀਤੀ ਕਿ ਤੁਰੰਤ ਜਾਤੀ ਜਨਗਣਨਾ ਕਰਵਾਉਣ ਲਈ ਸੰਬੰਧਿਤ ਫਾਰਮ ਵਿੱਚ ਓ.ਬੀ.ਸੀ ਦਾ ਜ਼ਿਕਰ ਕਰਨ ਲਈ ਇੱਕ ਕਾਲਮ ਤਿਆਰ ਕਰੇ ਨਹੀਂ ਤਾਂ ਸਮੁੱਚਾ ਰਾਮਗੜੀਆ ਭਾਈਚਾਰਾ ਦੂਜੇ ਓ.ਬੀ.ਸੀ ਭਾਈਚਾਰੇ ਨਾਲ ਮਿਲ ਕੇ ਸੰਘਰਸ਼ ਲਈ ਮਜਬੂਰ ਹੋਵੇਗੇ। ਇਸ ਮੌਕੇ ਨਿਰਵੈਰ ਸਿੰਘ ਸਿੰਧੀ, ਦਵਿੰਦਰ ਸਿੰਘ ਕਲਸੀ, ਜਗਜੀਤ ਸਿੰਘ ਭੁੱਲਰ, ਪ੍ਰਦੀਪ ਸਿੰਘ ਭੁੱਲਰ, ਮੇਹਰ ਸਿੰਘ ਕਲਸੀ, ਜਸਬੀਰ ਸਿੰਘ ਕਲਸੀ, ਹਰਵਿੰਦਰ ਸਿੰਘ ਦੇਵਗਨ, ਬੂਟਾ ਸਿੰਘ ਹਰਿਆਨ, ਗੁਰਪ੍ਰੀਤ ਸਿੰਘ ਕਲਸੀ, ਸਤਨਾਮ ਸਿੰਘ ਹਰਿਆਨ, ਸਵਰਨ ਸਿੰਘ ਕਲਸੀ, ਹਰਜਿੰਦਰ ਸਿੰਘ ਦੜਿਆਲਾ, ਸੁਰਿੰਦਰ ਸਿੰਘ ਲੋਟੇ, ਕੁਲਦੀਪ ਸਿੰਘ ਰਾਮਗੜੀਆ, ਸੁਖਚੈਨ ਸਿੰਘ ਖਾਲਸਾ, ਅੰਗਰੇਜ਼ ਸਿੰਘ ਕਲਸੀ ਹਰਚਰਨ ਸਿੰਘ ਜੱਬਲ, ਅਮਰ ਸਿੰਘ ਗਾਬੜੀਆ, ਤਜਿੰਦਰ ਸਿੰਘ, ਲਖਮੀਰ ਸਿੰਘ ਸੰਧੂ, ਪ੍ਰੀਤਮ ਸਿੰਘ ਭੁੱਲਰ, ਜਰਨੈਲ ਸਿੰਘ ਗਾਬੜੀਆ, ਜਸਵਿੰਦਰ ਸਿੰਘ ਸੰਧੂ, ਅਵਤਾਰ ਸਿੰਘ ਠੇਠੀ, ਵਰਿੰਦਰ ਸਿੰਘ ਗਾਬੜੀਆ, ਜਸਪਾਲ ਸਿੰਘ ਕਲਸੀ, ਪਿੱਪਲ ਸਿੰਘ ਨਾਗੀ, ਬਲਵਿੰਦਰ ਸਿੰਘ ਕਲਸੀ, ਇੰਦਰਜੀਤ ਸਿੰਘ ਸੱਗੂ, ਅਵਤਾਰ ਸਿੰਘ ਮਠਾੜੂ, ਸੁਰਜੀਤ ਸਿੰਘ ਦੜਿਆਲਾ, ਜਗਤਾਰ ਸਿੰਘ ਕਲਸੀ, ਦਲਬੀਰ ਸਿੰਘ ਦੜਿਆਲਾ, ਕੁਲਦੀਪ ਸਿੰਘ ਦੜਿਆਲਾ, ਹਰਜਿੰਦਰ ਸਿੰਘ ਗਾਬੜੀਆ, ਗੁਰਚਰਨ ਸਿੰਘ ਭੋਗਲ, ਗੁਰਚਰਨ ਸਿੰਘ ਨਾਗੀ, ਕੁਲਵੰਤ ਸਿੰਘ ਨਾਗੀ, ਹਰਦੀਪ ਸਿੰਘ ਦੜਿਆਲਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਓਐਸਡੀ ਸੁੱਖੀ ਨੇ ਕੀਤੀ ਵਾਰਡ ਨੰਬਰ 11 ਅਤੇ 12 ਚੋ ਆਪ ਉਮੀਦਵਾਰਾਂ ਨੂੰ ਜਿਤਾਉਣ ਦੀ ਅਪੀਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਦੇ ਦਫਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਦੀ ਅਗਵਾਈ ਦੇ ਹੇਠ ਵਾਰਡ ਨੰਬਰ 11 ਤੇ 12 ਦੀ ਸਾਂਝੀ ਮਸਜਿਦ ਵਿੱਚ ਮੁਸਲਿਮ ਭਾਈਚਾਰੇ ਨਾਲ ਵਿਸ਼ੇਸ਼ ਤੌਰ ਤੇ ਮੁਲਾਕਾਤ ਕਰਨ ਦੇ ਲਈ ਪਹੁੰਚੇ ਮੁੱਖ ਮੰਤਰੀ ਪੰਜਾਬ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਪੰਜਾਬ ਦੇ ਮੁੱਖ ਮੰਤਰੀ ਹਰ ਧਰਮ ਦਾ ਸਤਿਕਾਰ ਕਰਦੇ ਹਨ । ਉਨ੍ਹਾਂ ਮਸਜਿਦ ਵਿੱਚ ਵਿੱਚ ਹਾਜ਼ਰ ਵਿਆਕਤੀਆਂ ਨੂੰ ਅਪੀਲ ਕੀਤੀ ਕਿ ਉਹ 26 ਮਈ ਨੂੰ ਮਿਉਸਪਲ ਕਮੇਟੀ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾ ਕੇ ਮੁੱਖ ਮੰਤਰੀ ਦੇ ਹੱਥ ਮਜਬੂਤ ਕਰੋ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰੀ ਅਤੇ ਪ੍ਰਾਇਵੇਟ ਸਕੂਲਾਂ ਵਿਖੇ ਡੇਂਗੂ, ਚਿਕਨਗੁਨੀਆਂ, ਮਲੇਰੀਆ ਬੁਖਾਰ ਸੰਬੰਧੀ ਜਾਣਕਾਰੀ ਦਿੱਤੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਜਗਦੀਸ਼ ਸਿੰਘ ਏ ਐਮ ਓ ਸਿਵਲ ਸਰਜਨ ਸੰਗਰੂਰ ਡਾ: ਅਮਰਜੀਤ ਕੌਰ ਅਤੇ ਜ਼ਿਲ੍ਹਾ ਐਪੀਡਿਮਾਲੋਜਿਸਟ ਡਾ.ਰਮਨਦੀਪ ਕੌਰ ਅਤੇ ਉਪਾਸਨਾ ਬਿੰਦਰਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਐਮ.ਓ ਸੇਰਪੁਰ ਡਾ.ਜਸਦੀਪ ਸਿੰਘ ਅਗਵਾਈ ਹੇਠ ਪਿੰਡ ਕੁੰਭੜਵਾਲ ਦੇ ਸਰਕਾਰੀ ਸਕੂਲਾਂ ਅਤੇ ਪ੍ਰਾਇਵੇਟ ਸਕੂਲਾਂ ਵਿਖੇ ਡੇਂਗੂ,ਚਿਕਨਗੁਨੀਆਂ ਬੁਖਾਰ,ਮਲੇਰੀਆ ਬੁਖਾਰ ਤੋਂ ਸੰਬੰਧੀ ਜਾਣਕਾਰੀ ਦਿੱਤੀ ਗਈ । ਇਸ ਦੌਰਾਨ ਅਸੋਕ ਕੁਮਾਰ ਹੈਲਥ ਸੁਪਰਵਾਈਜ਼ਰ ਨੇ ਦੱਸਿਆ ਕਿ ਡੇਂਗੂ,ਚਿਕਨਗੁਨੀਆ, ਮਲੇਰੀਆ ਬੁਖਾਰ ਮੱਛਰਾਂ ਦੇ ਕੱਟਣ ਤੋਂ ਫੈਲਦੇ ਹਨ, ਡੇਂਗੂ ਦਾ ਮੱਛਰ ਜਿਆਦਾਤਰ ਦਿਨ ਵੇਲੇ ਤੇ ਮਲੇਰੀਆ ਦੇ ਮੱਛਰ ਰਾਤ ਨੂੰ ਕੱਟਦੇ ਹਨ। ਇਹ ਮੱਛਰ ਇੱਕ ਹਫਤੇ ਤੋਂ ਵੱਧ ਸਮੇਂ ਤੋਂ ਖੜੇ ਪਾਣੀ ਦੀਆਂ ਥਾਵਾਂ ਵਿੱਚ ਪੈਦਾ ਹੁੰਦੇ ਹਨ। ਇਸ ਲਈ ਉਨ੍ਹਾਂ ਕਿਹਾ ਕਿ ਟੋਇਆਂ ਨੂੰ ਭਰਿਆ ਜਾਵੇ , ਘਰਾਂ ਵਿਚ ਲੱਗੇ ਕੂਲਰ, ਗਮਲਿਆਂ, ਕਟੋਰਿਆਂ, ਟਾਇਰਾਂ ਤੇ ਫਰਿੱਜ ਦੀਆਂ ਟਰੇਆ ਨੂੰ ਹਫ਼ਤੇ ਵਿਚ ਇਕ ਵਾਰ ਜ਼ਰੂਰ ਸੁਕਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਮੱਛਰਾਂ ਤੋਂ ਛੁਟਕਾਰਾ ਪਾਉਣ ਲਈ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ, ਪੂਰੇ ਸਰੀਰ ਨੂੰ ਢੱਕਣ ਵਾਲੇ ਕੱਪੜੇ ਪਹਿਨਣੇ ਚਾਹੀਦੇ ਹਨ, ਘਰਾਂ ਦੇ ਆਲੇ-ਦੁਆਲੇ ਖੜ੍ਹੇ ਪਾਣੀ ਨੂੰ ਸਾਫ਼ ਕਰਨਾ ਚਾਹੀਦਾ ਹੈ ਅਤੇ ਜੇਕਰ ਕਿਸੇ ਵਿਅਕਤੀ ਨੂੰ ਬੁਖ਼ਾਰ ਹੋਣ ਦਾ ਸ਼ੱਕ ਹੋਵੇ ਤਾਂ ਤੁਰੰਤ ਨੇੜੇ ਦੇ ਹਸਪਤਾਲ ਜਾ ਕੇ ਟੈਸਟ ਅਤੇ ਇਲਾਜ ਕਰਵਾਉਣਾ ਚਾਹੀਦਾ ਹੈ, ਜੋ ਕਿ ਪੰਜਾਬ ਸਰਕਾਰ ਵੱਲੋ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਮੁਫ਼ਤ ਕੀਤਾ ਜਾਂਦਾ ਹੈ ।ਇਸ ਮੌਕੇ ਗੁਰਵਿੰਦਰ ਸਿੰਘ ਮ. ਪ. ਹ. ਵ (ਮ)ਅਤੇ ਕਿਰਨਪਾਲ ਕੌਰ ਮ. ਪ. ਹ. ਵ. (ਫ)ਤੇ ਆਸਾ ਵਰਕਰ ਅਤੇ ਸਕੂਲਾ ਦੇ ਟੀਚਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂਹਰਸਹਾਏ ਵਿਖੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਮਜ਼ਬੂਤੀ ਲਈ ਵਰਕਰ ਮੀਟਿੰਗ 17 ਨੂੰ



ਫ਼ਿਰੋਜ਼ਪੁਰ, 15 ਮਈ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਜ਼ਮੀਨੀ ਪੱਧਰ ਤੇ ਮਜ਼ਬੂਤ ਕਰਨ ਅਤੇ ਪਾਰਟੀ ਦੀਆਂ ਭਵਿੱਖੀ ਰਣਨੀਤੀਆਂ ਉੱਤੇ ਚਰਚਾ ਕਰਨ ਲਈ ਹਲਕਾ ਗੁਰੂਹਰਸਹਾਏ ਵਿੱਚ ਇੱਕ ਵਿਸ਼ੇਸ਼ ਵਰਕਰ ਮੀਟਿੰਗ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਆਗੂਆਂ ਨੇ ਦੱਸਿਆ ਕਿ ਆਉਣ ਵਾਲੇ ਐਤਵਾਰ ਮਿਤੀ 17 ਮਈ ਨੂੰ ਸਵੇਰੇ 11:00 ਵਜੇ ਮੀਟਿੰਗ ਕੀਤੀ ਜਾਵੇਗੀ, ਜਿਸ ਵਿਚ ਵੱਡੀ ਗਿਣਤੀ ਪਾਰਟੀ ਵਰਕਰਾਂ ਅਤੇ ਅਹੁਦੇਦਾਰਾਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਮੀਟਿੰਗ ਦੀ ਸਭ ਤੋਂ ਅਹਿਮ ਗੱਲ ਇਹ ਹੈ ਕਿ ਇਸ ਮੀਟਿੰਗ ਵਿਚ ਪਾਰਟੀ ਪ੍ਰਧਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਖ਼ੁਦ ਸ਼ਮੂਲੀਅਤ ਕਰਨਗੇ ਅਤੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਪਾਰਟੀ ਦੀ ਚੜ੍ਹਦੀ ਕਲਾ ਲਈ ਮਾਰਗਦਰਸ਼ਨ ਕਰਨਗੇ। ਇਸ ਪ੍ਰੋਗਰਾਮ ਦਾ ਪ੍ਰਬੰਧ ਹਰਦੇਵ ਸਿੰਘ ਪਿੰਡ ਹਾਮਦ (ਮੀਤ ਪ੍ਰਧਾਨ ਪੰਜਾਬ) ਅਤੇ ਹਲਕਾ ਗੁਰੂਹਰਸਹਾਏ ਦੇ ਸਮੂਹ ਵਰਕਰਾਂ ਵੱਲੋਂ ਕੀਤਾ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰਦੁਆਰਾ ਬਾਬਾ ਜੋਰਾਵਰ ਸਿੰਘ ਜੀ ਬਾਬਾ ਫਤਹਿ ਸਿੰਘ ਜੀ ਵਿਖੇ

# ਵਿਸ਼ੇਸ਼ ਦੀਵਾਨ ਸਜਾਏ ਗਏ, ਸੰਗਤਾਂ ਨੇ ਭਰੀ ਵੱਡੀ ਹਾਜ਼ਰੀ










**ਨਵੀਂ ਦਿੱਲੀ 15 ਮਈ (ਮਨਪ੍ਰੀਤ ਸਿੰਘ ਖਾਲਸਾ):-** ਗੁਰਦੁਆਰਾ ਬਾਬਾ ਜੋਰਾਵਰ ਸਿੰਘ ਜੀ ਅਤੇ ਬਾਬਾ ਫਤਹਿ ਸਿੰਘ ਜੀ ਵਿਖੇ ਕਰਵਾਏ ਗਏ ਲੜੀਵਾਰ ਧਾਰਮਿਕ ਸਮਾਗਮ ਚੜ੍ਹਦੀਕਲਾ ਅਤੇ ਗੁਰਸਿੱਖੀ ਜਜ਼ਬੇ ਨਾਲ ਸੰਪੂਰਨ ਹੋਏ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਗੁਰਬਾਣੀ ਕੀਰਤਨ, ਕਥਾ ਵਿਚਾਰਾਂ ਅਤੇ ਨਾਮ ਸਿਮਰਨ ਦਾ ਆਨੰਦ ਮਾਣਿਆ। ਗੁਰਦੁਆਰਾ ਸਾਹਿਬ ਦਾ ਮਾਹੌਲ ਪੂਰੀ ਤਰ੍ਹਾਂ ਆਧਿਆਤਮਿਕ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ ਅਤੇ ਸੰਗਤਾਂ ਨੇ ਬੜੀ ਸ਼ਰਧਾ ਨਾਲ ਸੇਵਾ ਅਤੇ ਸਿਮਰਨ ਵਿੱਚ ਹਿੱਸਾ ਲਿਆ। ਇਸ ਮੌਕੇ ਭਾਈ ਸ਼ੁਭਦੀਪ ਸਿੰਘ, ਭਾਈ ਜਸਪ੍ਰੀਤ ਸਿੰਘ ਸੋਨੂੰ ਅਤੇ ਭਾਈ ਭੁਪਿੰਦਰ ਸਿੰਘ ਸਮੇਤ ਹੋਰ ਰਾਗੀ ਜਥਿਆਂ ਨੇ ਹਾਜ਼ਰੀ ਭਰਦਿਆਂ ਇਲਾਹੀ ਬਾਣੀ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਰਾਗੀ ਜਥਿਆਂ ਵੱਲੋਂ ਕੀਤੇ ਗਏ ਰਸਭਿੰਨੇ ਕੀਰਤਨ ਅਤੇ ਕਥਾ ਵਿਚਾਰਾਂ ਨੇ ਸੰਗਤਾਂ ਨੂੰ ਗੁਰਬਾਣੀ ਦੇ ਅਸਲ ਸਿਧਾਂਤਾਂ ਨਾਲ ਜੋੜਦਿਆਂ ਸਿੱਖ ਇਤਿਹਾਸ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਤੋਂ ਜਾਣੂ ਕਰਵਾਇਆ। ਇਸ ਦੌਰਾਨ ਨੌਜਵਾਨਾਂ ਨੂੰ ਗੁਰਸਿੱਖੀ ਨਾਲ ਜੁੜਨ ਅਤੇ ਸਮਾਜ ਵਿੱਚ ਨਸ਼ਿਆਂ ਤੇ ਹੋਰ ਬੁਰਾਈਆਂ ਤੋਂ ਦੂਰ ਰਹਿਣ ਦਾ ਸੰਦੇਸ਼ ਵੀ ਦਿੱਤਾ ਗਿਆ। ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਚੱਲ ਰਹੀਆਂ ਧਾਰਮਿਕ ਅਤੇ ਸਮਾਜਿਕ ਸੇਵਾਵਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਬੱਚਿਆਂ ਅਤੇ ਨੌਜਵਾਨਾਂ ਲਈ ਨਾਂ-ਮਾਤਰ ਫੀਸ 'ਤੇ ਵੱਖ-ਵੱਖ ਤਕਨੀਕੀ ਅਤੇ ਸਿੱਖਿਆ ਸੰਬੰਧੀ ਕੋਰਸ ਕਰਵਾਏ ਜਾ ਰਹੇ ਹਨ, ਤਾਂ ਜੋ ਉਹ ਪੜ੍ਹਾਈ ਦੇ ਨਾਲ-ਨਾਲ ਰੋਜ਼ਗਾਰ ਦੇ ਯੋਗ ਬਣ ਸਕਣ। ਕੋਰਸ ਪੂਰੇ ਕਰਨ ਉਪਰੰਤ ਨੌਕਰੀ ਲਈ ਵੀ ਮਦਦ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਪੰਜਾਬੀ, ਅੰਗਰੇਜ਼ੀ ਅਤੇ ਹੋਰ ਭਾਸ਼ਾਵਾਂ ਦੀ ਸਿੱਖਿਆ ਦੇਣ ਲਈ ਵਿਸ਼ੇਸ਼ ਕਲਾਸਾਂ ਵੀ ਚਲਾਈਆਂ ਜਾ ਰਹੀਆਂ ਹਨ। ਪ੍ਰਬੰਧਕਾਂ ਨੇ ਦੱਸਿਆ ਕਿ ਮਨੁੱਖਤਾ ਦੀ ਭਲਾਈ ਲਈ ਗੁਰਦੁਆਰਾ ਸਾਹਿਬ ਵੱਲੋਂ ਸਿਹਤ ਸੇਵਾਵਾਂ ਵੀ ਨਿਰੰਤਰ ਜਾਰੀ ਹਨ, ਜਿਨ੍ਹਾਂ ਵਿੱਚ ਹਸਪਤਾਲ ਅਤੇ ਓਪੀਡੀ ਸਹੂਲਤਾਂ ਰਾਹੀਂ ਲੋੜਵੰਦ ਅਤੇ ਬਿਮਾਰ ਲੋਕਾਂ ਦਾ ਇਲਾਜ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਗਰੀਬ ਅਤੇ ਲੋੜਵੰਦ ਪਰਿਵਾਰਾਂ ਦੀ ਸਹਾਇਤਾ ਲਈ ਵੀ ਸਮੇਂ-ਸਮੇਂ 'ਤੇ ਵਿਸ਼ੇਸ਼ ਉਪਰਾਲੇ ਕੀਤੇ ਜਾਂਦੇ ਹਨ। ਇਸ ਮੌਕੇ ਪ੍ਰਬੰਧਕਾਂ ਨੇ ਜਾਣਕਾਰੀ ਦਿੱਤੀ ਕਿ 20 ਮਈ ਨੂੰ ਗਿਆਨੀ ਜਸਬੀਰ ਸਿੰਘ ਸਵੇਰ, 23 ਮਈ ਨੂੰ ਭਾਈ ਸਿਮਰਪ੍ਰੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਰਾਤ ਨੂੰ ਅਤੇ 31 ਮਈ ਦੀ ਸਵੇਰ ਅਤੇ ਰਾਤ ਨੂੰ ਭਾਈ ਸ਼ੁਭਦੀਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਉਚੇਚੇ ਤੌਰ ਤੇ ਹਾਜ਼ਿਰੀ ਭਰ ਰਹੇ ਹਨ ਅਤੇ ਆਉਣ ਵਾਲੇ ਜੂਨ ਮਹੀਨੇ ਵਿੱਚ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਵਿਸ਼ੇਸ਼ ਦੀਵਾਨ ਸਜਾਏ ਜਾਣਗੇ, ਜਿਨ੍ਹਾਂ ਵਿੱਚ ਪ੍ਰਸਿੱਧ ਰਾਗੀ ਜਥੇ ਅਤੇ ਕਥਾਵਾਚਕ ਸੰਗਤਾਂ ਨੂੰ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਜੋੜਨਗੇ।

### ਗੁਰੂ ਘਰ ਵੱਲੋਂ ਸਿੱਖਿਆ, ਰੋਜ਼ਗਾਰ ਅਤੇ ਸਿਹਤ ਸੇਵਾਵਾਂ ਦੇ ਕੀਤੇ ਜਾ ਰਹੇ ਹਨ ਵਿਸ਼ੇਸ਼ ਉਪਰਾਲੇ

## ਅਕਾਲ ਅਕੈਡਮੀਆਂ ਦਾ ਮੈਡੀਕਲ ਸਟ੍ਰੀਮ ਵਿੱਚ ਸ਼ਾਨਦਾਰ ਦਬਦਬਾ

# ਸਟੇਟ 'ਚ ਪਹਿਲਾ ਤੇ ਦੇਸ਼ ਭਰ ਵਿੱਚ ਚੌਥਾ ਸਥਾਨ ਹਾਸਲ

**ਨਵੀਂ ਦਿੱਲੀ 15 ਮਈ (ਮਨਪ੍ਰੀਤ ਸਿੰਘ ਖਾਲਸਾ):-** ਕਲਗੀਧਰ ਟ੍ਰਸਟ ਅਧੀਨ ਚੱਲ ਰਹੀਆਂ ਅਕਾਲ ਅਕੈਡਮੀਸ ਦੇ ਵਿਦਿਆਰਥੀਆਂ ਨੇ ਸੀ.ਬੀ.ਐਸ.ਈ. ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਮੈਡੀਕਲ ਸਟ੍ਰੀਮ ਅੰਦਰ ਇਤਿਹਾਸਕ ਪ੍ਰਦਰਸ਼ਨ ਕਰਕੇ ਨਵਾਂ ਕੀਰਤੀਮਾਨ ਸਥਾਪਿਤ ਕੀਤਾ ਹੈ। ਅਕਾਲ ਅਕੈਡਮੀ ਦਦੇਹਰ ਸਾਹਿਬ ਦੇ ਹੋਣਹਾਰ ਵਿਦਿਆਰਥੀ ਗੁਰਬੀਰ ਸਿੰਘ ਨੇ ਮੈਡੀਕਲ ਸਟ੍ਰੀਮ ਵਿੱਚ 98.4 ਫੀਸਦੀ ਅੰਕ ਪ੍ਰਾਪਤ ਕਰਕੇ ਅਕੈਡਮੀ ਦਾ ਮਾਣ ਵਧਾਇਆ। ਇਸਦੇ ਨਾਲ ਹੀ ਅਕਾਲ ਅਕੈਡਮੀ ਰੀਠਖੇੜੀ ਦੀ ਵਿਦਿਆਰਥਣ ਜਸ਼ਨਦੀਪ ਕੌਰ ਨੇ ਵੀ 98.4 ਫੀਸਦੀ ਅੰਕ ਹਾਸਲ ਕਰਦੇ ਹੋਏ ਸਟੇਟ ਪੱਧਰ 'ਤੇ ਪਹਿਲਾ ਅਤੇ ਨੈਸ਼ਨਲ ਪੱਧਰ 'ਤੇ ਚੌਥਾ ਸਥਾਨ ਪ੍ਰਾਪਤ ਕੀਤਾ। ਇਸ ਸ਼ਾਨਦਾਰ ਉਪਲਬਧੀ ਨਾਲ ਦੋਵਾਂ ਵਿਦਿਆਰਥੀਆਂ ਨੇ ਆਪਣੇ ਮਾਪਿਆਂ, ਅਧਿਆਪਕਾਂ ਅਤੇ ਅਕਾਲ ਅਕੈਡਮੀਆਂ ਦਾ ਨਾਮ ਰੌਸ਼ਨ ਕੀਤਾ ਹੈ। ਜਸ਼ਨਦੀਪ ਕੌਰ ਦੀ ਇਸ ਕਾਮਯਾਬੀ ਨੂੰ ਹੋਰ ਵੀ ਵਿਸ਼ੇਸ਼ ਬਣਾਉਂਦੀ ਹੈ ਇਹ ਗੱਲ ਕਿ ਉਹ ਕਲਗੀਧਰ ਟ੍ਰਸਟ ਵੱਲੋਂ ਚਲਾਈ ਜਾ ਰਹੀ "ਮਾਤਾ ਭੋਲੀ ਸਕੀਮ" ਅਧੀਨ ਸਿੱਖਿਆ ਪ੍ਰਾਪਤ ਕਰ ਰਹੀ ਹੈ ਅਤੇ ਈ.ਟੀ.ਐੱਸ. ਪ੍ਰੋਜੈਕਟ ਰਾਹੀਂ ਸਪਾਂਸਰਡ ਵਿਦਿਆਰਥਣ ਹੈ। ਉਸਦੀ ਇਹ ਪ੍ਰਾਪਤੀ ਟਰੱਸਟ ਵੱਲੋਂ ਲੋੜਵੰਦ ਅਤੇ ਹੋਣਹਾਰ ਬੱਚਿਆਂ ਨੂੰ ਦਿੱਤੇ ਜਾ ਰਹੇ ਸਹਿਯੋਗ ਅਤੇ ਉੱਚ-ਮਿਆਰੀ ਸਿੱਖਿਆ ਦਾ ਜੀਵੰਤ ਸਬੂਤ ਹੈ। ਅਕਾਲ ਅਕੈਡਮੀਆਂ ਦੇ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਨੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਸਫਲਤਾ 'ਤੇ ਖੁਸ਼ੀ ਪ੍ਰਗਟ ਕਰਦਿਆਂ ਉਨ੍ਹਾਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਕਲਗੀਧਰ ਟ੍ਰਸਟ ਹਮੇਸ਼ਾਂ ਪਿੰਡਾਂ ਦੇ ਬੱਚਿਆਂ ਨੂੰ ਉੱਚ-ਮਿਆਰੀ, ਮੁੱਲਾਂ ਅਧਾਰਿਤ ਅਤੇ ਆਧਿਆਤਮਿਕ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ। ਇਹ ਪ੍ਰਾਪਤੀਆਂ ਸੰਤ ਬਾਬਾ ਇਕਬਾਲ ਸਿੰਘ ਦੇ ਵਿਦਿਆ ਪ੍ਰਤੀ ਮਹਾਨ ਸੁਪਨੇ, ਦੂਰਦਰਸ਼ੀ ਸੋਚ ਅਤੇ ਸਮਰਪਿਤ ਸਿੱਖਿਆ ਮਿਸ਼ਨ ਦਾ ਜੀਵੰਤ ਪ੍ਰਮਾਣ ਹਨ।




# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਜੇਠ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ






ਫ਼ਿਰੋਜ਼ਪੁਰ, 15 ਮਈ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਜੇਠ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਗੁਰਬਖਸ਼ ਸਿੰਘ ਚੰਨ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ ਬੱਬੂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਕਥਾ ਕਰਦਿਆਂ ਆਖਿਆ ਕਿ ਸਾਨੂੰ ਵੱਧ ਤੋਂ ਵੱਧ ਗੁਰਬਾਣੀ ਪੜਨੀ ਅਤੇ ਸੁਣਨੀ ਚਾਹੀਦੀ ਹੈ। ਇਸੇ ਤਰ੍ਹਾਂ ਮਹਾਂਪੁਰਖ ਧੰਨ—ਧੰਨ ਬਾਬਾ ਨੰਦ ਸਿੰਘ ਜੀ ਮਹਾਰਾਜ ਕਿਹਾ ਕਰਦੇ ਸਨ ਕਿ ਸਾਡਾ ਸਰੀਰ ਪੰਜ ਤੱਤਾਂ ਦਾ ਸਰੀਰ ਬਣਿਆ ਹੈ ਅਤੇ ਇਸੇ ਤਰ੍ਹਾਂ ਜਿਹੜਾ ਬਾਣੀ ਪੜਨ ਵਾਲੀ ਰੂਹ ਜਿਵੇਂ ਘਾਟਾ ਪਿਹਦਿਆ ਕਿਲੀ ਨਾਲ ਜਿਹੜੇ ਦਾਣੇ ਰਹਿ ਜਾਂਦੇ ਹਨ ਭਾਵ ਜੇਕਰ ਤੁਸੀਂ ਗੁਰਬਾਣੀ ਦਾ ਪਾਠ ਰਾਤ ਦਿਨ ਕਰਦੇ ਹੋ ਤਾਂ ਉਹ ਨਿਰੰਕਾਰ ਤੁਹਾਡੇ ਸਾਰੇ ਕੰਮ ਸਵਾਰਦਾ ਹੈ, ਨਾਮ ਜਪਣ ਨਾਲ ਸਾਰੇ ਪਦਾਰਥਾਂ ਦੀ ਪ੍ਰਾਪਤੀ ਹੁੰਦੀ ਹੈ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਇਸ ਕਲਯੁੱਗ ਵਿਚ ਤੁਹਾਨੂੰ ਸਿਰਫ ਤੇ ਸਿਰਫ ਵਾਹਿਗੁਰੂ ਜੀ ਦਾ ਨਾਮ ਹੀ ਬਚਾ ਸਕਦਾ ਹੈ ਅਤੇ ਕਲਯੁੱਗ ਤੁਹਾਡਾ ਪੈਰ—ਪੈਰ ਤੇ ਵਾਹਿਗੁਰੂ ਨਾਮ ਨਹੀਂ ਜਪਣ ਦਿੰਦਾ ਤਾਂ ਜ਼ੋ ਤੁਸੀਂ ਉਹ ਵਾਹਿਗੁਰੂ ਜੀ ਤੋਂ ਦੂਰ ਰਹੋ, ਭਾਵ ਜਿਸ ਤਰ੍ਹਾਂ ਇਕ ਤੱਕੜੀ ਦੇ ਦੋ ਪਹਿਲੂ ਹਨ ਭਾਵ ਇਕ ਪਲੜੇ ਵਿਚ ਗੁਨਾਹ ਪਾਪਾਂ ਦਾ ਪਲੜਾ ਹੈ, ਉਹ ਭਾਰੀ ਹੁੰਦਾ ਹੈ ਅਤੇ ਨਾਮ ਜਪਣ ਵਾਲੇ ਦਾ ਪਲੜਾ ਹਲਕਾ ਹੁੰਦਾ ਹੈ, ਕਿਉਂਕਿ ਨਾਮ ਜਪਣ ਵਾਲੇ ਦੁੱਖ ਤਕਲੀਫ, ਔਕੜਾਂ ਆਉਂਦੀਆਂ, ਪਰ ਉਹ ਭਰੋਸੇ ਨਾਲ ਨਾਮ ਬਾਣੀ ਦਾ ਪਲੜਾ ਫੜ ਲਿਆ, ਉਸ ਪਲੜੇ ਨੇ ਆਖਿਰਕਾਰ ਭਾਰੀ ਹੋਣਾ ਪੈਂਦਾ ਹੈ। ਇਸ ਮੌਕੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਭਾਈ ਕੁਲਦੀਪ ਸਿੰਘ ਹਨੂਮਾਨਗੜ੍ਹ ਦੇ ਤੁਰ ਜਾਣ ਨਾਲ ਪਾਰਟੀ ਨੂੰ ਬਹੁਤ ਘਾਟਾ—ਭਾਈ ਲਖਬੀਰ ਸਿੰਘ



ਫ਼ਿਰੋਜ਼ਪੁਰ, 15 ਮਈ (ਮਨੋਹਰ ਲਾਲ) :— ਜਾਣ ਵਾਲੇ ਤੁਰ ਜਾਂਦੇ ਹਨ, ਪਰ ਯਾਦਾਂ ਪਿਛੇ ਰਹਿ ਜਾਂਣੀਆਂ ਹਨ, ਕੰਮ ਦੇ ਹਿਸਾਬ ਨਾਲ ਦੁਨੀਆਂ ਚੇਤੇ ਕਰ ਲੈਂਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਭਾਈ ਲਖਬੀਰ ਸਿੰਘ ਨੰਬਰਦਾਰ ਪ੍ਰਧਾਨ ਜ਼ਿਲ੍ਹਾ ਏਕਨੂਰ ਖਾਲਸਾ ਫੌਜ਼ ਫ਼ਿਰੋਜ਼ਪੁਰ ਨੇ ਦੱਸਿਆ ਕਿ ਅੱਜ ਖਬਰ ਪੜ੍ਹ ਕੇ ਪੂਰੀ ਏਕਨੂਰ ਖਾਲਸਾ ਫੌਜ਼ ਨੂੰ ਤੇ ਇਲਾਕੇ ਨੂੰ ਬਹੁਤ ਵੱਡਾ ਘਾਟਾ ਪਿਆ। ਅੱਗੇ ਗੱਲ ਕਰਦਿਆਂ ਭਾਈ ਸਾਹਬ ਸਿੰਘ ਨੇ ਕਿਹਾ ਕਿ ਰਾਜਸਥਾਨ ਇਕਾਈ ਦੇ ਪ੍ਰਧਾਨ ਭਾਈ ਕੁਲਦੀਪ ਸਿੰਘ ਹਨੂਮਾਨਗੜ੍ਹ ਜਿਨ੍ਹਾਂ ਦਾ ਇਸ ਸੰਸਾਰ ਨੂੰ ਛੱਡ ਕੇ ਚਲੇ ਜਾਣਾ ਪੂਰੀ ਰਾਜਸਥਾਨ ਇਕਾਈ ਅਤੇ ਸੱਜਣਾਂ—ਮਿੱਤਰਾਂ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਗੱਲ ਕਰਦਿਆਂ ਸੀਨੀਅਰ ਆਗੂ ਭਾਈ ਹਿੰਮਤ ਸਿੰਘ ਖਾਲਸਾ ਨੇ ਕਿਹਾ ਕਿ ਭਾਈ ਕੁਲਦੀਪ ਸਿੰਘ ਹਨੂਮਾਨਗੜ੍ਹ ਨੂੰ ਰਾਜਸਥਾਨ ਇਕਾਈ ਦਾ ਪ੍ਰਧਾਨ ਸਿੱਖ ਕੌਮ ਦੇ ਨਿਧੜਕ ਜਥੇਦਾਰ ਗਿਆਨੀ ਬਲਵੰਤ ਸਿੰਘ ਜੀ ਨੰਦਗੜ੍ਹ ਨੇ ਲਾਇਆ ਸੀ। ਭਾਈ ਕੁਲਦੀਪ ਸਿੰਘ ਜੀ ਦੇ ਅਚਾਨਕ ਛੱਡ ਕੇ ਤੁਰ ਜਾਣਾ ਜਥੇਬੰਦੀ, ਸਿੱਖ ਕੌਮ ਲਈ ਇਲਾਕੇ ਲਈ ਬਹੁਤ ਵੱਡਾ ਘਾਟਾ ਪਿਆ ਹੈ, ਜ਼ੋ ਪੂਰਾ ਨਹੀਂ ਹੋ ਸਕਦਾ। ਭਾਈ ਕੁਲਦੀਪ ਸਿੰਘ ਦੀ ਅੰਤਿਮ ਅਰਦਾਸ 17 ਮਈ 2026 ਨੂੰ ਦੁਪਹਿਰ ਇਕ ਵਜੇ ਗੁਰਦੁਆਰਾ ਸ਼ਹੀਦ ਬਾਬਾ ਸੁੱਖਾ ਸਿੰਘ ਬਾਬਾ ਮਹਿਤਾਬ ਸਿੰਘ ਜੀ ਹਨੂਮਾਨਗੜ੍ਹ ਟਾਊਨ (ਜ਼ਿਲ੍ਹਾ ਹਨੂਮਾਨਗੜ੍ਹ ਵਿਖੇ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਮੌਕੇ ਉਨ੍ਹਾਂ ਦੀ ਧਰਮਪਤਨੀ ਬੀਬੀ ਕਮਲਜੀਤ ਕੌਰ, ਪੁੱਤਰ ਗੁਰਨਰਾਯਨ ਸਿੰਘ ਬਰਾੜ, ਸਮੂਹ ਬਰਾੜ ਪਰਿਵਾਰ, ਲਖਵਿੰਦਰ ਸਿੰਘ ਡਬਲੀ ਜ਼ਿਲ੍ਹਾ ਪ੍ਰਧਾਨ ਹਨੂਮਾਨਗੜ੍ਹ, ਭਾਈ ਰੁਪਿੰਦਰ ਸਿੰਘ ਖਾਲਸਾ ਮਾਲਵਾ ਜ਼ੋਨ ਇੰਚਾਰਜ, ਭਾਈ ਪਿੱਪਲ ਸਿੰਘ ਤਰਨਤਾਰਨ ਮੋਗਾ ਇੰਚਾਰਜ, ਭਾਈ ਸੁਖਪਾਲ ਸਿੰਘ ਪ੍ਰਧਾਨ ਬਠਿੰਡਾ, ਨਛੱਤਰ ਸਿੰਘ ਪ੍ਰਧਾਨ ਫਰੀਦਕੋਟ, ਹਰਦੀਪ ਸਿੰਘ ਮੋਗਾ ਪ੍ਰਧਾਨ, ਪ੍ਰਗਟ ਸਿੰਘ ਭੋਡੀਪੁਰ, ਸੁਖਜੀਤ ਸਿੰਘ ਭਾਗਥਲਾ ਪ੍ਰਧਾਨ, ਗੁਰਵਿੰਦਰ ਸਿੰਘ ਭਾਗਥਲਾ, ਗੁਰਭਾਗ ਸਿੰਘ ਮਰੂੜ, ਅਮਰੀਕ ਸਿੰਘ ਪ੍ਰੈਸ ਸਕੱਤਰ, ਬਲਜੀਤ ਸਿੰਘ, ਅਵਤਾਰ ਸਿੰਘ ਲੋਹਗੜ੍ਹ, ਸੁਖਵਿੰਦਰ ਸਿੰਘ, ਬਲਜਿੰਦਰ ਸਿੰਘ, ਗੁਰਦੇਵ ਸਿੰਘ ਮੀ ਪ੍ਰਧਾਨ ਫ਼ਿਰੋਜ਼ਸ਼ਾਹ, ਗੁਰਚਰਨ ਸਿੰਘ ਗੱਟੀ ਜਲਾਲਾਬਾਦ, ਲਾਲ ਸਿੰਘ ਸਰਕਲ ਮਮਦੋਟ, ਪ੍ਰੀਤਮ ਸਿੰਘ ਘੱਲ ਖੁਰਦ, ਸੁਖਮੰਦਰ ਸਿੰਘ ਮੁੱਦਕੀ ਸਰਕਲ, ਸੂਬੇਦਾਰ ਚਮਕੌਰ ਸਿੰਘ ਸ਼ਕੂਰ ਸਰਕਲ ਤਲਵੰਡੀ ਭਾਈ, ਦਰਸ਼ਨ ਸਿੰਘ ਲਹੁਕੇ, ਅਮਰੀਕ ਸਿੰਘ ਪ੍ਰੈਸ ਸਕੱਤਰ, ਸਵਰਨ ਸਿੰਘ ਸ਼ਹਿਰੀ ਪ੍ਰਧਾਨ, ਜਗਜੀਤ ਸਿੰਘ ਮੱਲਾਂਵਾਲਾ, ਨਛੱਤਰ ਸਿੰਘ ਪ੍ਰਧਾਨ ਫਰੀਦਕੋਟ, ਰੁਪਿੰਦਰ ਸਿੰਘ ਜਲਾਲੇਆਣਾ, ਪਿੱਪਲ ਸਿੰਘ ਮਾਲਵਾ ਜ਼ੋਨ ਇੰਚਾਰਜ ਸਰਕਲ ਇੰਚਾਰਜ ਮੋਗਾ ਤਰਨਤਾਰਨ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਵਿਖੇ

# ਜੇਠ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ












ਆਵਾਜ਼ਿ ਕੌਮ AWAZE QAUM
International Newspaper & WEB TV

ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਹਰ ਮਹੀਨੇ ਦੀ ਤਰ੍ਹਾਂ ਜੇਠ ਦੀ ਪਵਿੱਤਰ ਸੰਗਰਾਂਦ ਦਾ ਦਿਹਾੜਾ ਮਨਾਇਆ ਗਿਆ, ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ। ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥੇ ਵੱਲੋਂ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ ਗਿਆ, ਉਪਰੰਤ ਹੈੱਡ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ ਜੀ ਵੱਲੋਂ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਇਸ ਸ੍ਰੀ ਅਖੰਡ ਪਾਠ ਸਾਹਿਬ ਅਤੇ ਸਮੇਤ ਜਪੁਜੀ ਸਾਹਿਬ ਦੀ ਸੇਵਾ ਇੰਗਲੈਂਡ ਨਿਵਾਸੀ ਬੀਬੀ ਸਰਬਜੀਤ ਕੌਰ ਦੇ ਪਰਿਵਾਰ ਵੱਲੋਂ ਕਰਵਾਈ ਗਈ, ਅਤੇ ਅੱਜ ਦਾ ਲਾਈਵ ਪ੍ਰੋਗਰਾਮ ਵੀ ਸੰਪੋਸਰ ਕੀਤਾ ਗਿਆ, ਸਮਾਪਤੀ ਉਪਰੰਤ ਅਰਦਾਸ ਬੇਨਤੀ ਕੀਤੀ ਗਈ। ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਸਮੂਹ ਸੰਗਤਾਂ ਅਤੇ ਸੇਵਾਦਾਰਾਂ ਵੱਲੋਂ ਸੇਵਾਵਾਂ ਨਿਭਾਈਆਂ ਗਈਆਂ। ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਅਤੇ ਮਹਾਂਪੁਰਖਾਂ ਨੂੰ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਆ ਰਹੇ 2 ਜੂਨ ਦੇ ਸ਼ਹੀਦੀ ਦਿਹਾੜੇ ਤੇ ਆਉਣ ਲਈ ਬੇਨਤੀ ਵੀ ਕੀਤੀ ਗਈ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਆਵਾਜ਼ਿ ਕੌਮ AWAZE QAUM TV
ਆਵਾਜ਼ਿ ਕੌਮ AWAZE QAUM
International Newspaper & WEB TV
ਕੁਲਵਿੰਦਰ ਸਿੰਘ ਜੌਹਲ
ਨੂੰ ਲੈਸਟਰ ਦੇ
ਪਹਿਲੇ ਸਿੱਖ ਲਾਰਡ ਮੇਅਰ
ਨਾਮਜ਼ਦ ਹੋਣ 'ਤੇ ਲੱਖ-ਲੱਖ ਵਧਾਈਆਂ
ਲੈਸਟਰ ਦੇ ਇਤਿਹਾਸ ਵਿੱਚ ਪਹਿਲੀ ਵਾਰ ਕੋਈ ਸਿੱਖ ਭਾਈਚਾਰੇ ਦਾ ਮੈਂਬਰ ਬਣੇਗਾ ਲਾਰਡ ਮੇਅਰ
ਪੰਜਾਬ ਦੇ ਜਲੰਧਰ ਜ਼ਿਲ੍ਹੇ ਦੇ ਪਿੰਡ ਤੇਹਿੰਗ (ਫਿਲੌਰ ਨੇੜੇ) ਨਾਲ ਹੈ ਗਹਿਰਾ ਸੰਬੰਧ
ਲੰਬੇ ਸਮੇਂ ਤੋਂ ਸਮਾਜ ਸੇਵਾ, ਨੌਜਵਾਨਾਂ ਦੀ ਰਹਿਨੁਮਾਈ, ਸਿੱਖਿਆ ਅਤੇ ਕਮਿਊਨਿਟੀ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ
ਪਿੰਡ ਤੇਹਿੰਗ, ਜਲੰਧਰ
ਤੇਹਿੰਗ
TEHING
ਲੈਸਟਰ, ਇੰਗਲੈਂਡ
ਇਹ ਸਿੱਖ ਕੌਮ ਅਤੇ ਸਮੂਹ ਪੰਜਾਬੀਆਂ ਲਈ ਮਾਣ ਵਾਲੀ ਪ੍ਰਾਪਤੀ ਹੈ।
ਕੁਲਵਿੰਦਰ ਸਿੰਘ ਜੌਹਲ ਨੂੰ ਹਾਰਦਿਕ ਵਧਾਈਆਂ!
ਵੱਲੋਂ : ਸ. ਭਗਵਾਨ ਸਿੰਘ ਜੌਹਲ
ਵਿਸ਼ਵ ਪ੍ਰਸਿੱਧ ਲੇਖਕ, ਉੱਘੇ ਸਿੱਖ ਚਿੰਤਕ ਤੇ ਪ੍ਰਚਾਰਕ
bhagwansinghjohal@gmail.com, ਮੋਬਾਈਲ : 98143-24040

### ਸਰਕਾਰੀ ਸਕੂਲਾਂ ਵਿੱਚ ਸਾਫ ਪਾਣੀ ਅਤੇ ਸਾਫ ਹਵਾ ਲਈ

# ਸਹਿਯੋਗ ਮੁਹਿੰਮ ਜਾਰੀ - ਡਾ. ਮੁਲਤਾਨੀ



**ਚੌਕ ਮਹਿਤਾ, 15 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਮਾਜ ਸੇਵੀ ਸੰਸਥਾ ਸ਼ੈਲਟਰ ਚੈਰੀਟੇਬਲ ਟਰੱਸਟ ( ਰਜਿ ਸੁਸਾਇਟੀ) ਲਾਲੜੂ ਵੱਲੋਂ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਪਿਛਲੇ ਲੰਬੇ ਸਮੇਂ ਤੋਂ ਚੱਲਦੀ ਸਹਿਯੋਗ ਮੁਹਿੰਮ ਤਹਿਤ ਅੱਜ ਦੋ ਸਰਕਾਰੀ ਐਲੀਮੈਂਟਰੀ ਸਕੂਲ ਹੰਮਾਯੂਪੁਰ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਬੜਾਣਾ ਨੂੰ ਸਮਾਨ ਭੇਂਟ ਕੀਤਾ ।

ਡਾ ਦਲੇਰ ਸਿੰਘ ਮੁਲਤਾਨੀ , ਸਿਵਲ ਸਰਜਨ ( ਰਿਟਾ ) ਅਤੇ ਸੰਸਥਾ ਦੇ ਪ੍ਰਧਾਨ ਨੇ ਦੱਸਿਆ ਕਿ ਸਾਫ ਪਾਣੀ ਲਈ ਸ਼ੈਲਟਰ ਵੱਲੋਂ ਕਈ ਸਰਕਾਰੀ ਸਕੂਲਾਂ ਨੂੰ ਸਬਮਰਸੀਬਲ ਅਤੇ ਆਰ ਓ ਪਹਿਲਾਂ ਵੀ ਦਿਤੇ ਗਏ ਹਨ ਤਾਂ ਕਿ ਬੱਚਿਆਂ ਦੀ ਸਿਹਤ ਤੰਦਰੁਸਤ ਰਹੇ । ਇਸੇ

ਮੁਹਿੰਮ ਤਹਿਤ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਬੜਾਣਾ ਨੂੰ ਆਰ ਓ ਦਾਨ ਕੀਤਾ । ਇਸੇ ਤਰ੍ਹਾਂ ਪ੍ਰਾਇਮਰੀ ਸਕੂਲ ਹੰਮਾਯੂਪੁਰ ਨੂੰ ਧੂੰਆਂ ਰਹਿਤ ਭੱਠੀ , ਚੁਲਾ ਅਤੇ ਰਿਕਾਰਡ ਸੰਭਾਲਣ ਲਈ ਇਕ ਅਲਮਾਰੀ ਦਾਨ ਕੀਤੀ।

ਡਾ ਮੁਲਤਾਨੀ ਨੇ ਕਿਹਾ ਕਿ ਲੋੜਵੰਦ ਸਕੂਲਾਂ ਲਈ ਇਹ ਸੇਵਾਵਾਂ ਭਵਿੱਖ ਵਿੱਚ ਵੀ ਚਲਦੀਆਂ ਰਹਿਣਗੀਆਂ।

ਡਾ ਮੁਲਤਾਨੀ ਨੇ ਦੱਸਿਆ ਕਿ ਧੂੰਆਂ ਭਾਵੇਂ ਕਿਸੇ ਕਿਸਮ ਦਾ ਵੀ ਹੋਵੇ ਕੈਂਸਰ ਦਾ ਸਭ ਤੋਂ ਵੱਡਾ ਕਾਰਨ ਹੁੰਦਾ । ਜਿਸ ਨਾਲ ਫੇਫੜੇ , ਗਲੇ ਅਤੇ ਆਂਤੜੀਆਂ ਦਾ ਕੈਂਸਰ ਅਤੇ ਕਈ ਤਰਾਂ ਦੀਆਂ ਸਾਹ ਦੀਆਂ ਬਿਮਾਰੀਆਂ ਦਾ ਕਾਰਨ ਬਣਦਾ ਡਾ ਮੁਲਤਾਨੀ ਨੇ ਦੱਸਿਆ ਕਿ ਸਰਕਾਰ ਵੱਲੋਂ ਨੋ ਤੰਬਾਕੂ ਮੁਹਿੰਮ ਵੀ ਚਲਾਈ ਹੋਈ ਜਿਸ ਤਹਿਤ ਜਨਤਕ ਥਾਵਾਂ ਤੇ ਬੀੜੀ ਸਿਗਰਟ ਪੀਣਾ ਮਨਾ ਹੈ ਤੇ ਜਨਤਕ ਥਾਵਾਂ ਤੇ ਹਰ ਦੁਕਾਨਦਾਰ ਹੋਟਲ ਢਾਬੇ ਆਦਿ ਵਿੱਚ ਬੀੜੀ ਸਿਗਰਟ ਪੀਣਾ ਮਨਾ ਹੈ ਲਿਖ ਕੇ ਲਾਉਣਾ ਜ਼ਰੂਰੀ , ਨਹੀਂ ਤਾਂ ਜੁਰਮਾਨਾ ਕੀਤਾ ਜਾ ਸਕਦਾ ।

ਡਾ ਮੁਲਤਾਨੀ ਨੇ ਧੂੰਏਂ ਬਾਰੇ ਅਪਣੇ ਜਾਗਰੂਕਤਾ ਕਲੀਨਿਕ ਲਾਲੜੂ ਵਿੱਚ ਇੱਕ ਸਲੋਗਨ ਲਿਖਿਆ ਹੋਇਆ-

" ਬੀੜੀ ਸਿਗਰਟ ਤੰਬਾਕੂ ਨਾਲ ਯਾਰੀ
ਕੈਂਸਰ ਟੀਬੀ ਸਾਹ ਦੀ ਬਿਮਾਰੀ ਦੀ ਤਿਆਰੀ।"

ਇਸ ਮੌਕੇ ਲਾਭ ਸਿੰਘ ਸੀਨੀਅਰ ਮੀਤ ਪ੍ਰਧਾਨ, ਰਾਜਬੀਰ ਸਿੰਘ ਰਾਣਾ ਜਨਰਲ ਸਕੱਤਰ, ਖਜ਼ਾਨਚੀ ਰਘੁਬੀਰ ਜੁਨੇਜਾ, ਜੱਗੀ ਤੁਸ਼ਾਰ, ਮਨੋਜ ਮਹਿਤਾ, ਸਕੂਲਾਂ ਤੋਂ ਅਧਿਆਪਕ ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ , ਰਾਜਪਾਲ ਕੌਰ , ਸੁਖਪ੍ਰੀਤ ਕੌਰ ਹਾਜ਼ਰ ਸਨ।

### ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੇ ਵਿਦਿਆਰਥੀਆਂ ਨੇ ਬਾਰ੍ਹਵੀਂ ਸੀਬੀਐਸਈ ਬੋਰਡ ਨਤੀਜਿਆਂ ਵਿੱਚ ਮਾਰੀਆਂ ਮੱਲਾਂ

# ਸਕੂਲ ਮੈਨਜਮੈਂਟ ਅਤੇ ਸਟਾਫ ਨੇ ਦਿੱਤੀਆਂ ਮੁਬਾਰਕਾਂ

**ਬਿਲਾਸਪੁਰ/ਮੋਗਾ (ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਦਾ ਸੀਬੀਐਸਈ ਬੋਰਡ ਕਲਾਸ ਬਾਰਵੀਂ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ। ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਿੰਸੀਪਲ ਕੁੰਜੂਮੋਲ ਜੁਆਏ ਅਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਸਕੂਲ ਦੇ ਵਿਦਿਆਰਥੀਆਂ ਦੁਆਰਾ ਪਿਛਲੇ ਸਾਲਾਂ ਵਾਂਗ ਇਸ ਸਾਲ ਵੀ ਬੋਰਡ ਪ੍ਰੀਖਿਆ ਵਿੱਚ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਤਿੰਨਾਂ ਹੀ ਗਰੁੱਪਾਂ, ਸਾਇੰਸ ਕਾਮਰਸ ਤੇ ਆਰਟਸ ਵਿੱਚ ਵਿਦਿਆਰਥੀਆਂ ਦੁਆਰਾ ਬਹੁਤ ਹੀ ਚੰਗੀ ਪ੍ਰਤੀਸ਼ਤ ਨਾਲ ਪੁਜੀਸ਼ਨਾਂ ਹਾਸਿਲ ਕੀਤੀਆਂ ਗਈਆਂ ।ਕਾਮਰਸ ਗਰੁੱਪ ਵਿੱਚ ਗੁਰਲੀਨ ਕੌਰ ਨੇ 96.2% ਅੰਕਾਂ ਨਾਲ ਪਹਿਲਾ, ਜਸ਼ਨਪ੍ਰੀਤ ਕੌਰ ਨੇ 91.8% ਅੰਕਾਂ ਦੇ ਨਾਲ ਦੂਸਰਾ ਤੇ ਅਨਮੋਲਦੀਪ ਸਿੰਘ ਧਾਲੀਵਾਲ ਨੇ 90.2% ਅੰਕਾਂ ਨਾਲ ਤੀਸਰਾ ਸਥਾਨ ਹਾਸਿਲ ਕੀਤਾ। ਆਰਟਸ ਗਰੁੱਪ ਵਿੱਚ ਅਮਨਿੰਦਰਜੋਤ ਕੌਰ ਨੇ 90.6% ਅੰਕਾਂ ਨਾਲ ਪਹਿਲਾ,ਅੰਮ੍ਰਿਤਪਾਲ ਸਿੰਘ ਨੇ 86.2% ਅੰਕਾਂ ਨਾਲ ਦੂਸਰਾ ਤੇ ਦਇਆ ਸਿੰਘ ਨੇ 82% ਅੰਕਾਂ ਨਾਲ ਤੀਸਰਾ ਸਥਾਨ ਹਾਸਿਲ ਕੀਤਾ। ਉਧਰ ਸਾਇੰਸ ਗਰੁੱਪ ਵਿੱਚ ਗੌਰੀ ਸਿੰਗਲਾ ਨੇ ਪਹਿਲਾਂ, ਮਨਪ੍ਰੀਤ ਸਿੰਘ ਨੇ ਦੂਸਰਾ ਤੇ ਜਯਾ ਨੇ ਤੀਸਰਾ ਸਥਾਨ ਹਾਸਿਲ ਕੀਤਾ ਵਿਸ਼ੇ ਵਾਰ ਵੀ ਵਿਦਿਆਰਥੀਆਂ ਦੁਆਰਾ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਫਿਜ਼ੀਕਲ ਐਜੂਕੇਸ਼ਨ ਵਿਸ਼ੇ ਵਿੱਚ 38 ਤੋਂ ਵੱਧ ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ। ਪੰਜਾਬੀ ਵਿਸ਼ੇ ਵਿੱਚ ਗੁਰਲੀਨ ਕੌਰ ਨੇ 100 ਵਿੱਚੋਂ 100 ਅੰਕ ਪ੍ਰਾਪਤ ਕਰਕੇ ਆਪਣਾ ਸਥਾਨ ਬਣਾਇਆ ਹਿਸਟਰੀ ਵਿਸ਼ੇ ਵਿੱਚ ਅੰਮ੍ਰਿਤਪਾਲ ਸਿੰਘ ਤੇ ਆਰਿਅਨ ਸ਼ਰਮਾ ਨੇ 95 ਅੰਕਾਂ ਨਾਲ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਧਰ ਅੰਗਰੇਜ਼ੀ ਵਿਸ਼ੇ ਵਿੱਚ 23 ਤੋਂ ਵੱਧ ਵਿਦਿਆਰਥੀਆਂ ਦੁਆਰਾ 90% ਤੋਂ ਵੱਧ ਅੰਕ ਪ੍ਰਾਪਤ ਕੀਤੇ ਗਏ। ਜਸ਼ਨਪ੍ਰੀਤ ਕੌਰ ਨੇ ਬਿਜ਼ਨਸ ਸਟੱਡੀ ਵਿਸ਼ੇ ਵਿੱਚ 100 ਵਿੱਚੋਂ 97 ਅੰਕ ਪ੍ਰਾਪਤ ਕੀਤੇ ਤਾਜਨੂਰ ਕੌਰ ਨੇ 100 ਵਿੱਚੋਂ 97 ਅੰਕਾਂ ਨਾਲ ਅੰਗਰੇਜ਼ੀ ਵਿਸ਼ੇ ਵਿੱਚ ਆਪਣੀ ਜਗ੍ਹਾ ਬਣਾਈ ।ਇਸ ਤੋਂ ਇਲਾਵਾ ਜਸ਼ਨ ਗਰਗ ਨੇ ਮੈਥ ਮਨਪ੍ਰੀਤ ਸਿੰਘ ਨੇ ਕੈਮਿਸਟਰੀ ਨਵਜੀਤ ਕੌਰ ਨੇ ਫਿਜਿਕਸ ਵਿਸ਼ੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ।ਅਗਰ ਗੱਲ ਪ੍ਰਤੀਸ਼ਤ ਦੀ ਕੀਤੀ ਜਾਵੇ ਤਾਂ 29 ਤੋਂ ਵੱਧ ਵਿਦਿਆਰਥੀਆਂ ਨੇ 80% ਤੋਂ 85 ਪ੍ਰਤੀਸ਼ਤ ਦੇ ਵਿਚਕਾਰ ਅੰਕ ਪ੍ਰਾਪਤ ਕੀਤੇ। ਸਕੂਲ ਦੇ ਇਸ ਸ਼ਾਨਦਾਰ ਸਲਾਨਾ ਬੋਰਡ ਨਤੀਜੇ ਤੇ ਸਕੂਲ ਪ੍ਰਧਾਨ ਸਮਾਜ ਸੇਵੀ ਸ੍ਰ: ਚਰਨ ਸਿੰਘ ਚੇਅਰਮੈੱਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਮਾਪਿਆ,ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਆਏ ,ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਵਧਾਈ ਦਿੰਦੇ ਹੋਏ ਬੋਲਦੇ ਕਿਹਾ ਕਿ ਸਕੂਲ ਭਵਿੱਖ ਵਿੱਚ ਵੀ ਸ਼ਾਨਦਾਰ ਨਤੀਜਿਆਂ ਤੇ ਵੱਖ-ਵੱਖ ਗਤੀਵਿਧੀਆਂ ਲਈ ਵਚਨਬੱਧ ਰਹੇਗਾ।



# ਅਨੀਮੀਆ ਰੋਕਥਾਮ ਲਈ ਸਿਹਤ ਵਿਭਾਗ ਦੀ ਵੱਡੀ ਪਹਿਲ, ਸਰਕਾਰੀ ਸਕੂਲਾਂ ਵਿੱਚ ਕਿਸ਼ੋਰੀਆਂ ਦੀ ਐੱਚ ਬੀ ਜਾਂਚ



ਤਲਵੰਡੀ ਸਾਬੋ, 15 ਮਈ (ਗੁਰਜੰਟ ਸਿੰਘ ਨਥੇਹਾ)- ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਹੁਕਮਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਦੀ ਰਹਿਨੁਮਾਈ ਹੇਠ ਸਿਹਤ ਬਲਾਕ ਤਲਵੰਡੀ ਸਾਬੋ ਦੇ ਸਰਕਾਰੀ ਸਕੂਲਾਂ ਵਿੱਚ 10 ਤੋਂ 19 ਸਾਲ ਦੀਆਂ ਵਿਦਿਆਰਥਣਾਂ ਦੀ ਹੀਮੋਗਲੋਬਿਨ ਜਾਂਚ ਮੁਹਿੰਮ ਸਫਲਤਾਪੂਰਵਕ ਚਲਾਈ ਗਈ। ਇਸ ਮੁਹਿੰਮ ਦਾ ਮੁੱਖ ਉਦੇਸ਼ ਕਿਸ਼ੋਰੀਆਂ ਵਿੱਚ ਖੂਨ ਦੀ ਕਮੀ (ਅਨੀਮੀਆ) ਨੂੰ ਰੋਕਣਾ, ਸਮੇਂ ਸਿਰ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਤੰਦਰੁਸਤ ਜੀਵਨ ਵੱਲ ਪ੍ਰੇਰਿਤ ਕਰਨਾ ਸੀ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਐੱਸ.ਐੱਮ.ਓ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਸਿਹਤ ਬਲਾਕ ਤਲਵੰਡੀ ਸਾਬੋ ਅਧੀਨ 94% ਸਕੂਲੀ ਵਿਦਿਆਰਥਣਾਂ ਦੀ ਐੱਚ.ਬੀ ਜਾਂਚ ਕੀਤੀ ਗਈ। ਇਸ ਸਿਹਤ ਜਾਂਚ ਅਭਿਆਨ ਦੀ ਨਿਗਰਾਨੀ ਅਤੇ ਸੁਚੱਜੇ ਤਰੀਕੇ ਨਾਲ ਕੋਆਰਡੀਨੇਸ਼ਨ ਆਰ.ਬੀ.ਐਸ.ਕੇ. ਟੀਮ ਦੇ ਆਯੁਰਵੇਦਿਕ ਮੈਡੀਕਲ ਅਫਸਰਾਂ ਡਾ. ਧੀਰਜ, ਡਾ. ਨਵਪ੍ਰੀਤ ਸਿੰਘ, ਡਾ. ਸੁਖਵਿੰਦਰ ਕੌਰ ਅਤੇ ਸਟਾਫ ਨਰਸ ਸਤਵੀਰ ਕੌਰ ਵੱਲੋਂ ਕੀਤੀ ਗਈ। ਸਿਹਤ ਬਲਾਕ ਤਲਵੰਡੀ ਸਾਬੋ ਅਧੀਨ ਆਉਂਦੇ ਸਾਰੇ ਹੈਲਥ ਐਂਡ ਵੈੱਲਨੈੱਸ ਸੈਂਟਰਾਂ ਦੀਆਂ ਸਿਹਤ ਟੀਮਾਂ ਨੇ ਵੀ ਇਸ ਮੁਹਿੰਮ ਨੂੰ ਕਾਮਯਾਬ ਬਣਾਉਣ ਲਈ ਪੂਰੀ ਮੇਹਨਤ ਅਤੇ ਸਮਰਪਣ ਨਾਲ ਕੰਮ ਕੀਤਾ। ਸਕੂਲਾਂ ਵਿੱਚ ਵਿਦਿਆਰਥਣਾਂ ਦੀ ਐੱਚ ਬੀ ਜਾਂਚ ਦੇ ਨਾਲ-ਨਾਲ ਉਨ੍ਹਾਂ ਨੂੰ ਸੰਤੁਲਿਤ ਖੁਰਾਕ, ਆਇਰਨ ਯੁਕਤ ਭੋਜਨ ਅਤੇ ਸਫਾਈ ਸੰਬੰਧੀ ਜਾਗਰੂਕਤਾ ਵੀ ਦਿੱਤੀ ਗਈ ਤਾਂ ਜੋ ਅਨੀਮੀਆ ਤੋਂ ਬਚਾਅ ਯਕੀਨੀ ਬਣਾਇਆ ਜਾ ਸਕੇ। ਸਿਹਤ ਵਿਭਾਗ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਮਾਪੇ ਅਤੇ ਅਧਿਆਪਕ ਬੱਚੀਆਂ ਦੀ ਸਿਹਤ ਪ੍ਰਤੀ ਸਚੇਤ ਰਹਿਣ ਅਤੇ ਸਮੇਂ-ਸਮੇਂ ਉਨ੍ਹਾਂ ਦੀ ਸਿਹਤ ਜਾਂਚ ਕਰਵਾਉਣ ਲਈ ਪ੍ਰੇਰਿਤ ਕਰਨ, ਤਾਂ ਜੋ ਹਰ ਬੇਟੀ ਤੰਦਰੁਸਤ ਅਤੇ ਸੁਖਮਈ ਜੀਵਨ ਜੀ ਸਕੇ।

# ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਨੇ ਪੱਪੂ ਨੂੰ ਵਾਰਡ ਨੰ 12 ਤੋਂ ਉਮੀਦਵਾਰ ਐਲਾਨਿਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਤੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਵੱਲੋਂ ਧੂਰੀ ਦੀਆਂ ਮਿਉਸਪਲ ਕਮੇਟੀ ਚੋਣਾਂ ਵਿੱਚ ਆਪਣੇ ਉਮੀਦਵਾਰਾਂ ਦਾ ਦਿਨ ਬ ਦਿਨ ਐਲਾਨ ਕੀਤਾ ਜਾ ਰਿਹਾ ਹੈ। ਇਸੇ ਹੀ ਤਹਿਤ ਅੱਜ ਵਾਰਡ ਨੰਬਰ 12 ਤੋਂ ਬਲਵਿੰਦਰ ਸਿੰਘ ਪੱਪੂ ਨੂੰ ਉਮੀਦਵਾਰ ਬਣਾਇਆ ਗਿਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੂਰੇ ਪੰਜਾਬ ਵਿੱਚ ਮਿਊਸਪਲ ਕਮੇਟੀ ਦੀਆਂ ਚੋਣਾਂ ਲੜੀਆਂ ਜਾ ਰਹੀਆਂ ਹਨ। ਇਸੇ ਹੀ ਤਹਿਤ ਧੂਰੀ ਦੇ 21 ਵਾਰਡਾਂ ਵਿੱਚ ਪਾਰਟੀ ਦੇ ਉਮੀਦਵਾਰ ਖੜੇ ਕੀਤੇ ਜਾ ਰਹੇ ਹਨ ।ਉਹਨਾਂ ਧੂਰੀ ਵਾਸੀਆਂ ਨੂੰ ਅਪੀਲ ਕੀਤੀ ਕਿ ਪੰਜਾਬ ਅਤੇ ਪੰਥ ਸਰਬੱਤ ਦੇ ਭਲੇ ਦੇ ਲਈ ਸ਼੍ਰੋਮਣੀ ਅਕਾਲੀ ਦਲ ਦੇ 21 ਵਾਰਡਾਂ ਵਿੱਚ ਚੋਣਾਂ ਲੜ ਰਹੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਨਾਲ ਜਿਤਾ ਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਹੱਥ ਮਜਬੂਤ ਕਰੋ। ਇਸ ਮੌਕੇ ਭੁਪਿੰਦਰ ਸਿੰਘ ਭਲਵਾਨ ਮੈਬਰ ਐਸਜੀਪੀਸੀ, ਸਹਿਰੀ ਪ੍ਰਧਾਨ ਸੰਜੀਵ ਕੁਮਾਰ ਪਿੰਟਾ, ਦਰਸ਼ਨ ਸਿੰਘ ਬਿਰਦੀ, ਗੁਰਦਿਆਲ ਸਿੰਘ ਕਾਂਝਲਾ, ਸਰਬਨ ਸਿੰਘ ਮੱਲੂਮਾਜਰਾ, ਪਰਮਜੀਤ ਸਿੰਘ ਪੰਮਾ ਆਦਿ ਹਾਜ਼ਰ ਸਨ।

# ਬੇਅਦਬੀ ਕਾਨੂੰਨ ਖ਼ਿਲਾਫ਼ ਪੰਥਕ ਏਕਤਾ ਦੀ ਲੋੜ: ਪਰਮਜੀਤ ਸਿੰਘ ਸਰਨਾ

## ਜਸਟਿਸ ਆਰ.ਐਸ. ਸੋਢੀ ਅਤੇ ਗਿਆਨੀ ਕੁਲਦੀਪ ਸਿੰਘ ਗੜਗਜ ਦੀ ਮੁਲਾਕਾਤ ਮਹੱਤਵਪੂਰਨ ਕਦਮ



ਨਵੀਂ ਦਿੱਲੀ 15 ਮਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮੁੱਖੀ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਪੰਜਾਬ ਦੇ ਵਿਵਾਦਿਤ ਬੇਅਦਬੀ ਵਿਰੋਧੀ ਕਾਨੂੰਨ ਖ਼ਿਲਾਫ਼ ਚੱਲ ਰਹੇ ਪੰਥਕ ਯਤਨਾਂ ਦਾ ਸਮਰਥਨ ਕਰਦਿਆਂ ਸਾਬਕਾ ਜੱਜ ਆਰ.ਐਸ. ਸੋਢੀ ਅਤੇ ਗਿਆਨੀ ਕੁਲਦੀਪ ਸਿੰਘ ਗੜਗਜ ਦੀ ਮੁਲਾਕਾਤ ਨੂੰ ਸਮੇਂ-ਸਿਰ ਅਤੇ ਮਹੱਤਵਪੂਰਨ ਕਦਮ ਕਰਾਰ ਦਿੱਤਾ ਹੈ। ਸਰਨਾ ਨੇ ਕਿਹਾ ਕਿ ਜਸਟਿਸ ਸੋਢੀ ਵੱਲੋਂ ਖੁਦ ਜਾ ਕੇ ਗੜਗਜ ਨਾਲ ਵਿਚਾਰ-ਵਟਾਂਦਰਾ ਕਰਨਾ ਇਹ ਦਰਸਾਉਂਦਾ ਹੈ ਕਿ ਸਿੱਖ ਭਾਈਚਾਰਾ ਇਸ ਕਾਨੂੰਨ ਨੂੰ ਲੈ ਕੇ ਗੰਭੀਰ ਚਿੰਤਾ ਵਿੱਚ ਹੈ। ਉਨ੍ਹਾਂ ਕਿਹਾ ਕਿ ਪੰਥ ਨੂੰ ਇਹ ਭਰੋਸਾ ਹੋਣਾ ਚਾਹੀਦਾ ਹੈ ਕਿ ਕਾਨੂੰਨੀ ਰਸਤੇ ਹਾਲੇ ਵੀ ਖੁੱਲ੍ਹੇ ਹਨ ਅਤੇ ਲੋੜ ਪੈਣ 'ਤੇ ਇਹ ਮਾਮਲਾ ਸੁਪਰੀਮ ਕੋਰਟ ਤੱਕ ਵੀ ਲਿਆਂਦਾ ਜਾਵੇਗਾ। ਸਰਨਾ ਨੇ ਦੋਸ਼ ਲਾਇਆ ਕਿ ਇਹ ਕਾਨੂੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰੱਖਿਆ ਦੀ ਬਜਾਏ ਸਰਕਾਰ ਨੂੰ ਵੱਡੇ ਅਧਿਕਾਰ ਦੇਣ ਵਾਲਾ ਹੈ, ਜਿਸਦਾ ਦੁਰਪਯੋਗ ਕਰਕੇ ਪ੍ਰਚਾਰਕਾਂ, ਰਾਗੀਆਂ, ਗ੍ਰੰਥੀਆਂ ਅਤੇ ਸੇਵਾਦਾਰਾਂ ਨੂੰ ਨਿਸ਼ਾਨਾ ਬਣਾਇਆ ਜਾ ਸਕਦਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਇਹ ਕਾਨੂੰਨ ਪੂਰੀ ਤਰ੍ਹਾਂ ਲਾਗੂ ਹੋ ਗਿਆ ਤਾਂ ਸਿੱਖ ਧਾਰਮਿਕ ਪ੍ਰਚਾਰ ਪੁਲਿਸੀ ਦਖ਼ਲ ਹੇਠ ਆ ਸਕਦਾ ਹੈ। ਉਨ੍ਹਾਂ ਕੁਝ ਪ੍ਰਚਾਰਕਾਂ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਉਹ ਪੰਥਕ ਹਿਤਾਂ ਦੀ ਥਾਂ ਰਾਜਨੀਤਿਕ ਵਫ਼ਾਦਾਰੀਆਂ ਨੂੰ ਤਰਜੀਹ ਦੇ ਰਹੇ ਹਨ। ਸਰਨਾ ਨੇ ਕਿਹਾ ਕਿ ਸੰਗਤ ਸਭ ਕੁਝ ਦੇਖ ਰਹੀ ਹੈ ਅਤੇ ਇਤਿਹਾਸ ਵੀ ਅਜਿਹੇ ਲੋਕਾਂ ਨੂੰ ਮਾਫ਼ ਨਹੀਂ ਕਰੇਗਾ। ਅੰਤ ਵਿੱਚ ਉਨ੍ਹਾਂ ਸਿੱਖ ਧਾਰਮਿਕ ਸੰਸਥਾਵਾਂ, ਤਖ਼ਤਾਂ ਅਤੇ ਜਥੇਦਾਰਾਂ ਨੂੰ ਇਸ ਮਾਮਲੇ 'ਤੇ ਇਕਜੁੱਟ ਹੋ ਕੇ ਸਪਸ਼ਟ ਸਟੈਂਡ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਪੰਥਕ ਏਕਤਾ ਹੀ ਇਸ ਮਸਲੇ ਦਾ ਸਭ ਤੋਂ ਵੱਡਾ ਜਵਾਬ ਹੈ।

42ਵੇਂ ਘੱਲੂਘਾਰੇ ਮੌਕੇ 5 ਜੂਨ ਨੂੰ ਦਲ ਖ਼ਾਲਸਾ ਕੱਢੇਗਾ ਯਾਦਗਾਰੀ ਮਾਰਚ

# ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਜੁੜੇ ਕਾਨੂੰਨ 'ਤੇ ਪੰਜਾਬ ਸਰਕਾਰ ਨੂੰ ਘੇਰਿਆ




ਜੰਡਿਆਲਾ ਗੁਰੂ 15 ਮਈ ( ਕੁਲਵੰਤ ਸਿੰਘ ਵਿਰਦੀ ) ਜੂਨ 1984 ਦੇ ਘੱਲੂਘਾਰੇ ਦੇ 42 ਸਾਲ ਪੂਰੇ ਹੋਣ ਮੌਕੇ ਦਲ ਖ਼ਾਲਸਾ ਵੱਲੋਂ 5 ਜੂਨ ਨੂੰ ਅੰਮ੍ਰਿਤਸਰ ਵਿਖੇ 'ਘੱਲੂਘਾਰਾ ਯਾਦਗਾਰੀ ਮਾਰਚ' ਕੱਢਣ ਦਾ ਐਲਾਨ ਕੀਤਾ ਗਿਆ ਹੈ। ਪਾਰਟੀ ਨੇ ਇਸਦੇ ਨਾਲ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਸਬੰਧੀ ਪੰਜਾਬ ਸਰਕਾਰ ਵੱਲੋਂ ਬਣਾਏ ਕਾਨੂੰਨ ਨੂੰ ਲੈ ਕੇ ਪੈਦਾ ਹੋਏ ਪੰਥਕ ਵਿਵਾਦ 'ਤੇ ਵੀ ਗੰਭੀਰ ਚਿੰਤਾ ਜਤਾਈ ਹੈ ਅੰਮ੍ਰਿਤਸਰ ਵਿੱਚ ਹੋਈ ਪ੍ਰੈੱਸ ਕਾਨਫਰੰਸ ਦੌਰਾਨ ਦਲ ਖ਼ਾਲਸਾ ਦੇ

ਆਵਾਜ਼ਿ ਕੌਮ AWAZE QAUM International Newspaper & WEB TV

## ਅਕਾਲ ਤਖ਼ਤ ਦੀ ਸਰਵਉੱਚਤਾ ਦੀ ਰੱਖਿਆ ਲਈ ਪੰਥ ਇਕੱਠਾ ਰਹਿਣ ਦਾ ਸੱਦਾ

ਸੀਨੀਅਰ ਆਗੂ ਪਰਮਜੀਤ ਸਿੰਘ ਮੰਡ ਅਤੇ ਸਿਆਸੀ ਮਸਲਿਆਂ ਦੇ ਸਕੱਤਰ ਕਵਰਪਾਲ ਸਿੰਘ ਬਿੱਟੂ ਨੇ ਕਿਹਾ ਕਿ 1984 ਦੇ ਘੱਲੂਘਾਰੇ ਦੀਆਂ ਯਾਦਾਂ ਅੱਜ ਵੀ ਸਿੱਖ ਕੌਮ ਦੇ ਮਨਾਂ ਵਿੱਚ ਤਾਜ਼ਾ ਹਨ ਅਤੇ ਇਹ ਸੰਘਰਸ਼ ਅਜੇ ਵੀ ਜਾਰੀ ਹੈ। ਉਨ੍ਹਾਂ ਕਿਹਾ ਕਿ 5 ਜੂਨ ਨੂੰ ਸ਼ਾਮ 5 ਵਜੇ ਬੁਰਜ ਅਕਾਲੀ ਫੂਲਾ ਸਿੰਘ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਯਾਦਗਾਰੀ ਮਾਰਚ ਕੱਢਿਆ ਜਾਵੇਗਾ।ਪਰਮਜੀਤ ਸਿੰਘ ਮੰਡ ਨੇ ਕਿਹਾ ਕਿ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ, ਜਨਰਲ ਸੁਬੇਗ ਸਿੰਘ ਅਤੇ ਹੋਰ ਸ਼ਹੀਦਾਂ ਦੀ ਕੁਰਬਾਨੀ ਨੂੰ ਸਿੱਖ ਕੌਮ ਕਦੇ ਨਹੀਂ ਭੁੱਲੇਗੀ। ਉਨ੍ਹਾਂ ਦੱਸਿਆ ਕਿ ਦਲ ਖ਼ਾਲਸਾ ਜਲਦ ਹੀ ਅਕਾਲ ਤਖ਼ਤ ਸਾਹਿਬ ਅਤੇ ਐੱਸ.ਜੀ.ਪੀ.ਸੀ. ਨਾਲ ਮੁਲਾਕਾਤ ਕਰਕੇ 1984 ਤੋਂ ਬਾਅਦ ਸ਼ਹੀਦ ਹੋਏ ਸਿੰਘਾਂ ਅਤੇ ਗੁਮਨਾਮ ਸ਼ਹੀਦਾਂ ਦੀ ਯਾਦ ਵਿੱਚ ਸਾਂਝੀ ਯਾਦਗਾਰ ਬਣਾਉਣ ਦਾ ਖਰੜਾ ਪੇਸ਼ ਕਰੇਗਾ। ਦੂਜੇ ਪਾਸੇ ਕਵਰਪਾਲ ਸਿੰਘ ਬਿੱਟੂ ਨੇ ਪੰਜਾਬ ਸਰਕਾਰ ਵੱਲੋਂ ਬਣਾਏ ਗਏ ਕਾਨੂੰਨ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਕੌਮ ਨੂੰ ਗੁਰੂ ਸਾਹਿਬ ਦੇ ਸਰੂਪਾਂ ਲਈ ਕਿਸੇ ਸਰਕਾਰੀ ਕਾਨੂੰਨ ਦੀ ਲੋੜ ਨਹੀਂ, ਸਗੋਂ ਬੇਅਦਬੀ ਕਰਨ ਵਾਲਿਆਂ ਨੂੰ ਸਖ਼ਤ ਸਜ਼ਾਵਾਂ ਮਿਲਣੀਆਂ ਚਾਹੀਦੀਆਂ ਹਨ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਦੀਆਂ ਨੀਤੀਆਂ ਕਾਰਨ ਪੰਥ ਅਤੇ ਸਰਕਾਰ ਵਿਚਾਲੇ ਟਕਰਾਅ ਵਾਲੇ ਹਾਲਾਤ ਬਣ ਰਹੇ ਹਨ।ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਸਰਕਾਰ ਨੂੰ 'ਪਾੜੋ ਤੇ ਰਾਜ ਕਰੋ' ਦੀ ਨੀਤੀ ਛੱਡ ਕੇ ਪੰਥਕ ਭਾਵਨਾਵਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਦਲ ਖ਼ਾਲਸਾ ਨੇ ਕਿਹਾ ਕਿ ਅਗਲੇ ਦਿਨਾਂ ਵਿੱਚ ਹੋਣ ਵਾਲੀ ਮੀਟਿੰਗ ਤੋਂ ਬਾਅਦ ਅਗਲੀ ਰਣਨੀਤੀ ਦਾ ਐਲਾਨ ਕੀਤਾ ਜਾਵੇਗਾ ਅਤੇ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਦੀ ਰੱਖਿਆ ਲਈ ਕੌਮ ਵਚਨਬੱਧ ਹੈ।

ਮਾਮਲਾ ਪੰਜਾਬ ਵਿੱਚ ਲਾਲ ਲਕੀਰ ਵਾਲੇ ਮਕਾਨਾਂ ਨੂੰ ਰਜਿਸਟਰ ਕਰਨ ਦਾ

# ਸੰਸਾਰ ਤੋਂ ਚਲੇ ਗਏ ਇਨਸਾਨ ਦੇ, ਵਸੀਅਤ ਅਤੇ ਸੁਸਾਈਡ ਨੋਟ ਹੁਕਮ ਹੁੰਦੇ ਨੇ ਸਬੰਧਿਤ ਪ੍ਰਬੰਧ ਨੂੰ

ਵਸੀਅਤ ਪਰਿਵਾਰ ਦੇ ਮੁਖੀ ਦਾ ਹੁਕਮ ਹੁੰਦਾ ਹੈ ਕਾਨੂੰਨ ਨੂੰ ਜਾ ਸੰਬੰਧਿਤ ਪ੍ਰਬੰਧ ਨੂੰ । ਖਾਸ ਕਰਕੇ ਉਹ ਵਸੀਅਤ ਜੋ ਪਰਿਵਾਰ ਦੇ ਮੁਖੀ ਨੇ ਬਰਾਬਰਤਾ ਦੇ ਨਾਲ ਪਰਿਵਾਰ ਦੇ ਸਾਰੇ ਮੈਂਬਰਾਂ ਦੇ ਨਾਮ ਲਿਖੀ ਹੋਵੇ । ਪਰ ਫਿਰ ਵੀ ਉਸਦੇ ਉਲਟ ਪਟਵਾਰੀ ਜਾਂ ਤਹਿਸੀਲਦਾਰ ਕਾਰਵਾਈ ਕਰਨ ਤਾਂ ਉਹਨਾਂ ਦੇ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾ ਸਕਦੀ ਹੈ । ਕਿਉਂਕਿ ਇਹ ਸਭ ਕਰਕੇ ਪਟਵਾਰੀ , ਪਰਿਵਾਰ ਦੇ ਮੁਖੀ ਦੀ ਆਖਰੀ ਇੱਛਾ ਤੋਂ ਮੁਨਕਰ ਹੋ ਰਹੇ ਹਨ । ਜਿਵੇਂ ਕਿ ਵਸੀਅਤ ਚਾਰ ਭੈਣਾਂ ਦੇ ਨਾਮ ਹੋਵੇ ਪਰ ਪਟਵਾਰੀ ਕਿਸੇ ਵੀ ਜਮੀਨ ਜਾਇਦਾਤ ਨੂੰ ਪਰਿਵਾਰ ਦੇ ਕਿਸੇ ਇੱਕ ਮੈਂਬਰ ਦੇ ਨਾਮ ਕਰਨ ਦੀ ਸਿਫਾਰਿਸ਼ ਕਰਨ ਤਾਂ ਪਟਵਾਰੀ ਦੀਆਂ ਇਹ ਕਾਰਵਾਈਆਂ ਉਹਨਾਂ ਦੀ ਨੌਕਰੀ ਲਈ ਖਤਰਾ ਵੀ ਬਣ ਸਕਦੀਆਂ ਹਨ ।

## ਲਾਲ ਲਕੀਰ ਨਾਲ ਸੰਬੰਧਿਤ ਕੇਸਾਂ ਵਿੱਚ ਲੋਕਾਂ ਨੂੰ ਪਟਵਾਰੀ ਅਤੇ ਤਹਿਸੀਲਦਾਰ ਦੀਆਂ ਖੱਜਲ ਖੁਵਾਰੀਆਂ ਤੋਂ ਬਚਾ ਸਕਦੀ ਹੈ ਇਹ ਜਾਣਕਾਰੀ

ਵਸੀਅਤ ਕਈ ਪ੍ਰਕਾਰ ਦੀ ਹੋ ਸਕਦੀ ਹੈ । ਉਸ ਵਸੀਅਤ ਨੂੰ ਚੈਲੇਂਜ ਕੀਤਾ ਜਾ ਸਕਦਾ ਹੈ ਜੇ ਪਰਿਵਾਰ ਦਾ ਮੁਖੀ ਆਪਣੀ ਜਾਇਦਾਦ ਪਰਿਵਾਰ ਦੇ ਕਿਸੇ ਇੱਕ ਮੈਂਬਰ ਦੇ ਨਾਮ ਕਰਵਾਵੇ । ਪਰ ਇਸ ਦੇ ਉਲਟ ਵਸੀਅਤ ਪਰਿਵਾਰ ਦੇ ਸਾਰੇ ਮੈਂਬਰਾਂ ਦੇ ਨਾਮ ਹੈ ਹੋਵੇ ਤੇ ਪਟਵਾਰੀ ਪਰਿਵਾਰ ਦੇ ਕਿਸੇ ਇੱਕ ਮੈਂਬਰ ਦੇ ਨਾਮ ਜਮੀਨ ਚੜਾ ਦੀ ਸਿਫਾਰਿਸ਼ ਦੇਵੇ ਤਾਂ ਇਹ ਹਰਕਤ ਵਸੀਅਤ ਨੂੰ ਚੁਣੌਤੀ ਨਹੀਂ ਸਿੱਧਿਆਂ ਕਾਨੂੰਨ ਨੂੰ ਚੁਨੌਤੀ ਹੈ । ਜਿਸ ਖਮਿਆਜ਼ੇ ਪਟਵਾਰੀ ਜਾਂ ਤਹਿਸੀਲਦਾਰ ਨੂੰ ਭੁਗਤਣੇ ਪੈ ਸਕਦੇ ਹਨ । ਵਸੀਅਤ ਕਾਨੂੰਨੀ ਤੌਰ ਤੇ ਇਸ ਤਰ੍ਹਾਂ ਦਾ ਡਾਕੂਮੈਂਟ ਹੈ ਜਿਵੇਂ ਕਿ ਕਿਸੇ ਆਤਮਹੱਤਿਆ ਕੇਸ ਦੇ ਵਿੱਚ ਸੁਸਾਈਡ ਨੋਟ ਹੁੰਦਾ ਹੈ । ਜੋ ਸੰਸਾਰ ਤੋਂ ਚਲੇ ਗਏ ਵਿਅਕਤੀ ਦੀ ਆਖਰੀ ਇੱਛਾ ਹੁੰਦੀ ਹੈ ।

ਜਿਸ ਵਸੀਅਤ ਦੀ ਵਰਤੋਂ ਕਰਕੇ ਪਹਿਲਾਂ ਜਮੀਨ ਦਾ ਕੋਈ ਹਿੱਸਾ ਪਰਿਵਾਰ ਦੇ ਸਾਰੇ ਮੈਂਬਰਾਂ ਦੇ ਨਾਲ ਬਰਾਬਰਤਾ ਦੇ ਨਾਲ ਚੜਿਆ ਹੋਵੇ । ਪਰ ਪਟਵਾਰੀ ਉਸ ਵਸੀਅਤ ਨੂੰ ਨਾ ਮੰਨਦੇ ਹੋਏ ਲਾਲ ਲਕੀਰ ਵਾਲਾ ਮਕਾਨ ਚਾਰ ਮੈਂਬਰਾਂ ਨੂੰ ਛੱਡ ਕਿਸੇ ਇੱਕ ਮੈਂਬਰ ਦੇ ਨਾਮ ਚੜਾਉਣ ਦੀ ਸਿਫਾਰਿਸ਼ ਕਰ ਦੇਵੇ । ਫਿਰ ਉਸ ਪਟਵਾਰੀ ਦੇ ਖਿਲਾਫ ਕਾਨੂੰਨੀ ਕਾਰਵਾਈ ਕਿਉਂ ਨਾ ਹੋਵੇ ਭਲਾ ?

ਪਰਿਵਾਰ ਦੇ ਮੁਖੀ ਵੱਲੋਂ ਰਜਿਸਟਰਡ ਵਸੀਅਤ ਜੋ ਬਰਾਬਰਤਾ ਦੇ ਨਾਲ ਪਰਿਵਾਰ ਦੇ ਸਾਰੇ ਮੈਂਬਰਾਂ ਨੂੰ ਹੱਕ ਪ੍ਰਦਾਨ ਕਰਦੀ ਹੋਵੇ । ਕਿਸੇ ਵੀ ਰਾਜਨੀਤਿਕ ਜਾਂ ਲਾਲਚ ਵੱਸ ਪੈ ਕੇ ਪਟਵਾਰੀ ਵੱਲੋਂ ਪਰਿਵਾਰ ਦੇ ਸਾਰੇ ਮੈਂਬਰਾਂ ਦੀ ਬਜਾਏ ਕਿਸੇ ਇੱਕ ਮੈਂਬਰ ਨੂੰ ਲਾਲ ਲਕੀਰ ਵਾਲਾ ਮਕਾਨ ਚੜਾਉਣ ਦੀ ਸਿਫਾਰਿਸ਼ ਨੌਕਰੀ ਤੇ ਭਾਰੀ ਪੈ ਸਕਦੀ । ਜਿਨਾਂ ਕੇਸਾਂ ਦੇ ਵਿੱਚ ਵਸੀਅਤ ਮੌਜੂਦ ਹੋਵੇ ਮਤਲਬ ਕਿ ਪਰਿਵਾਰ ਦੇ ਮੁਖੀ ਦਾ ਆਖਰੀ ਇੱਕਰਾਰਨਾਮਾ ਮੌਜੂਦ ਹੋਵੇ ਉੱਥੇ ਕਾਨੂੰਨੀ ਤੌਰ ਤੇ ਹੋਰ ਕਿਸੇ ਵੀ ਦਸਤਾਵੇਜ਼ ਦੀ ਜਰੂਰਤ ਨਹੀਂ ।

ਇੱਥੇ ਇੱਕ ਗੱਲ ਹੋਰ ਵੀ ਵਿਚਾਰ ਅਧੀਨ ਹੈ । ਜਿਸ ਪਰਿਵਾਰ ਵਿੱਚ ਮੁੰਡਾ ਨਾ ਹੋਵੇ ਬਲਕਿ ਸਾਰੀਆਂ ਹੀ ਕੁੜੀਆਂ ਹੋਣ । ਪਹਿਲਾਂ ਪਿਤਾ ਦੀ ਮੌਤ ਹੋ ਚੁੱਕੀ ਹੋਵੇ ਤੇ ਮਾਤਾ ਵੱਲੋਂ ਮਤਲਬ ਪਰਿਵਾਰ ਦੇ ਆਖਰੀ ਮੁਖੀ ਵੱਲੋਂ ਜਿਉਂਦੇ ਜੀ ਆਪਣੀ ਮੌਤ ਤੋਂ ਦੋ ਤਿੰਨ ਸਾਲ ਪਹਿਲਾਂ ਲਗਭਗ ਵਸੀਅਤ ਲਿਖੀ ਗਈ ਹੋਵੇ ਜਿਸ ਵਸੀਅਤ ਤੋਂ ਬਾਅਦ ਕਈ ਸਾਲ ਸੰਸਾਰ ਤੇ ਜ਼ਿੰਦਗੀ ਬਸਰ ਕਰਕੇ ਮੌਤ ਹੋਈ ਹੋਵੇ । ਉੱਥੇ ਇਸ ਗੱਲ ਨੂੰ ਆਧਾਰ ਨਹੀਂ ਬਣਾਇਆ ਜਾ ਸਕਦਾ ਕਿ ਤਿੰਨਾਂ ਦੇ ਵਿਆਹ ਹੋ ਗਏ ਤੇ ਜਿਹੜੀ ਕੁਆਰੀ ਹੈ ਲਾਲਕੀਰ ਵਾਲਾ ਘਰ ਉਸਦਾ ਹੋ ਗਿਆ । ਵਿਆਹ ਨਾ ਕਰਾਉਣਾ ਕਿਸੇ ਇੱਕ ਕੁੜੀ ਨੂੰ ਘਰ ਦਾ ਮੁਖੀ ਨਹੀਂ ਬਣਾਉਂਦਾ ।

ਵਿਆਹ ਕਰਾਉਣਾ ਜਾਂ ਨਾ ਕਰਾਉਣਾ ਇਹ ਕਿਸੇ ਵੀ ਇਨਸਾਨ ਦਾ ਨਿੱਜੀ ਫੈਸਲਾ ਹੋ ਸਕਦਾ ਹੈ । ਕਾਨੂੰਨ ਦੇ ਮੁਤਾਬਕ ਕੁਆਰੀ ਕੁੜੀ ਦਾ ਰੁਤਬਾ ਵੀ ਬਾਕੀ ਭੈਣਾਂ ਦੇ ਬਰਾਬਰ ਹੀ ਹੈ । ਇਸ ਗੱਲ ਦਾ ਨਿਪਟਾਰਾ ਵਸੀਅਤ ਕਰਦੀ ਹੈ । ਜਿਸ ਦੇ ਵਿੱਚ ਸਪਸ਼ਟ ਤੌਰ ਤੇ ਲਿਖਿਆ ਗਿਆ ਹੋਵੇ ਕਿ ਜਮੀਨ ਦਾ ਕੋਈ ਵੀ ਕਿਸੇ ਵੀ ਪ੍ਰਕਾਰ ਦਾ ਟੁਕੜਾ ਚਾਰਾਂ ਕੁੜੀਆਂ ਦੇ ਬਰਾਬਰ ਨਾਮ ਚੜਾਇਆ ਜਾਵੇ । ਸਿਆਣੇ ਕਹਿੰਦੇ ਨੇ ਲੋੜ ਤੋਂ ਵੱਧ ਚਤਰ ਬਣਨਾ ਤੇ ਹੱਦ ਤੋਂ ਵੱਧ ਕਿਸੇ ਨੂੰ ਮੂਰਖ ਸਮਝਣਾ ਬੰਦੇ ਦੀ ਸਿਆਣਪ ਤੇ ਭਾਰੂ ਪੈ ਸਕਦਾ ।

**-ਪਰਗਟ ਸਿੰਘ ਬਲਬੇੜਾ , 9022000070**

ਆਵਾਜ਼ਿ ਕੌਮ AWAZE QAUM International Newspaper & WEB TV

# ਘੁੱਲੀ, ਅਨਵਰ, ਧਾਂਦਰਾਂ ਨੇ ਬਿੱਲਾ ਧਰਮਸੋਤ ਦੇ ਦਫ਼ਤਰ ਦਾ ਕੀਤਾ ਉਦਘਾਟਨ




**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਅਤੇ ਆਪ ਆਗੂ ਉੱਘੇ ਸਮਾਜ ਸੇਵੀ ਅਮਰਦੀਪ ਸਿੰਘ ਧਾਂਦਰਾ ਮੈਂਬਰ ਬਲਾਕ ਸੰਮਤੀ ਨੰਬਰ 17 ਤੋਂ ਆਪਾਂ ਉਮੀਦਵਾਰ ਬਿੱਲਾ ਧਰਮਸੋਤ ਦੇ ਦਫਤਰ ਦਾ ਉਦਘਾਟਨ ਕਰਕੇ ਉਹਨਾਂ ਦੀ ਚੋਣ ਪ੍ਰਚਾਰ ਨੂੰ ਹੁੰਗਾਰਾ ਦਿੱਤਾ। ਇਸ ਮੌਕੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਧੂਰੀ ਵਿੱਚ ਹੋਏ ਵਿਕਾਸ ਕਾਰਜਾਂ ਨੂੰ ਲੈ ਕੇ ਆਮ ਆਦਮੀ ਪਾਰਟੀ ਵੱਲੋਂ ਕੀਤੇ ਗਏ, ਲੋਕ ਭਲਾਈ ਕੰਮਾਂ ਨੂੰ ਦੇਖਦਿਆਂ ਹੋਇਆਂ 26 ਮਈ ਨੂੰ ਧੂਰੀ ਸ਼ਹਿਰ ਦੇ ਲੋਕ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫਤਵਾ ਦੇ ਕੇ ਪ੍ਰਧਾਨ ਬਣਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣਗੇ। ਆਗੂਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਅਜੇ ਤੱਕ 21 ਵਾਰਡਾਂ ਵਿੱਚ ਉਮੀਦਵਾਰਾਂ ਦਾ ਐਲਾਨ ਨਾ ਕਰਨਾ ਇਸ ਸਾਬਤ ਕਰਦਾ ਹੈ ਉਹ ਪਹਿਲਾਂ ਹੀ ਆਪਣੀ ਹਾਰ ਮੰਨ ਚੁੱਕੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਲੰਗਰ ਕਮੇਟੀ ਐੱਸ ਜੀ ਐਲ ਗੜਾ ਜਲੰਧਰ ਦੇ ਸੇਵਾਦਾਰ ਸ੍ਰ: ਮਹਿੰਦਰ ਸਿੰਘ ਮਲਹੋਤਰਾ ਜੀ ਦੀ ਅੰਤਿਮ ਅਰਦਾਸ 17 ਮਈ ਦਿਨ ਐਤਵਾਰ ਨੂੰ ਹੋਵੇਗੀ

**ਜੰਡਿਆਲਾ ਗੁਰੂ 15 ਮਈ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨੀਂ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ



ਸਵ: ਸ੍ਰ ਅਜੀਤ ਸਿੰਘ ਮਲਹੋਤਰਾ ਦੇ ਵੱਡੇ ਭਰਾ ਸਵ ਭਾਪਾ ਮਹਿੰਦਰ ਸਿੰਘ ਮਲਹੋਤਰਾ ਵਾਸੀ ਜੰਡਿਆਲਾ ਗੁਰੂ ਮੁੱਖ ਸੇਵਾਦਾਰ ਲੰਗਰ ਕਮੇਟੀ ਐੱਸ ਜੀ ਐਲ ਗੜਾ ਜਲੰਧਰ ਬੀਤੇ ਦਿਨੀਂ ਅਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਆਖ ਕਿ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਅਤੇ ਅੱਜ ਸਵ: ਸ੍ਰ ਮਹਿੰਦਰ ਸਿੰਘ ਜੀ ਦੇ ਨਮਿਤ ਉਨਾਂ ਦੇ ਗ੍ਰਹਿ ਗਲੀ ਕਸ਼ਮੀਰੀਆਂ ਜੰਡਿਆਲਾ ਗੁਰੂ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ । ਤਿੰਨਾਂ ਦੇ ਭੋਗ 17 ਮਈ ਦਿਨ ਐਤਵਾਰ ਨੂੰ ਪੈਣਗੇ ਅਤੇ ਭੋਗ ਤੋਂ ਉਪਰੰਤ ਸਰਧਾਂਜਲੀ ਸਮਾਰੋਹ ਅਤੇ ਅੰਤਿਮ ਅਰਦਾਸ ਤਪ ਅਸਥਾਨ ਬਾਬਾ ਹੁੰਦਾਲ ਜੀ ਗੁਰਦੁਆਰਾ ਸਾਹਿਬ ਵਿਖੇ ਦੁਪਹਿਰ 2 ਵਜੇ ਹੋਵੇਗੀ ! ਇਸ ਸਰਧਾਂਜਲੀ ਸਮਾਰੋਹ ਨੂੰ ਸਮਰਪਿਤ 1 ਤੋਂ 2 ਵਜੇ ਤੱਕ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਕੀਰਤਨ ਸਰਵਨ ਹੋਣਗੇ ਅਤੇ ਉਪਰੰਤ 2 ਵਜੇ ਅੰਤਿਮ ਅਰਦਾਸ ਅਤੇ ਸਰਧਾਂਜਲੀ ਸਮਾਰੋਹ ਹੋਵੇਗਾ !ਇਸ ਸਭ ਦੀ ਜਾਣਕਾਰੀ ਦਿੰਦਿਆ ਹੋਇਆ ਓਹਨਾਂ ਦੇ ਸਪੁੱਤਰ ਗੁਰਬਚਨ ਸਿੰਘ ਮਲਹੋਤਰਾ ਨੇ ਦੱਸਿਆ ਕਿ ਸ੍ਰ ਮਹਿੰਦਰ ਸਿੰਘ ਮਲਹੋਤਰਾ ਜੀ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸਵ ਸ੍ਰ ਅਜੀਤ ਸਿੰਘ ਮਲਹੋਤਰਾ ਦੇ ਵੱਡੇ ਭਰਾ ਸਨ । ਓਹਨਾਂ ਦਾ ਇਕ ਸਪੁੱਤਰ ਸਵ ਸ੍ਰ ਇੰਦਰ ਸਿੰਘ ਮਲਹੋਤਰਾ ਵੀ ਨਗਰ ਕੌਂਸਲ ਦੇ ਮੈਂਬਰ ਰਹਿ ਚੁੱਕੇ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕਿਸਾਨਾਂ ਨੂੰ ਐਗਰੀਸਟੈਕ ਫਾਰਮਰ ਰਜਿਸਟ੍ਰੇਸ਼ਨ' ਆਈ ਡੀ ਬਣਾਉਣ ਲਈ ਜਾਗਰੂਕ ਕੀਤਾ

ਧੂਰੀ ( ਰਣਜੀਤ ਸਿੰਘ ਪੇਧਨੀ )-'ਐਗਰੀਸਟੈਕ ਫਾਰਮਰ ਰਜਿਸਟ੍ਰੇਸ਼ਨ' ਕਿਸਾਨ ਆਈ ਡੀ ਬਣਾਉਣ ਲਈ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ। ਖੇਤੀਬਾੜੀ ਦਫਤਰ ਧੂਰੀ ਵੱਲੋਂ ਡਾ ਅਮਨਦੀਪ ਕੌਰ ਦੀ ਅਗਵਾਈ ਹੇਠ ਧੂਰੀ ਬਲਾਕ ਦੇ ਪਿੰਡਾਂ ਵਿੱਚ ਸਮੂਹ ਸਟਾਫ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਕੈਂਪ ਲਗਾ ਕੇ ਕਿਸਾਨਾਂ ਨੂੰ ਫਾਰਮਰ ਆਈ ਡੀ ਬਣਾਉਣ ਦੀ ਅਪੀਲ ਕੀਤੀ ਜਾ ਰਹੀ ਹੈ ਅਤੇ ਇਸ ਨਾਲ ਮਿਲਣ ਵਾਲੀਆਂ ਸੇਵਾਵਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ ਤਾਂ ਜੋ ਕਿਸਾਨ ਫਾਰਮਰ ਆਈਡੀ ਬਣਵਾ ਕੇ ਸਰਕਾਰ ਤੋਂ ਮਿਲਣ ਵਾਲੀਆਂ ਸੇਵਾਵਾਂ ਦਾ ਲਾਭ ਲੈ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਸਮਾਜਸੇਵੀ ਸੰਸਥਾਵਾਂ ਅੱਗੇ ਆਉਣ ਜਥੇਦਾਰ ਅਮਰੀਕ ਸਿੰਘ ਕਾਤਰੋਂ ਜਥੇਦਾਰ ਜੁਗਰਾਜ ਸਿੰਘ ਕਾਤਰੋਂ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੀ ਕਿਸਾਨੀ ਅਤੇ ਜਵਾਨੀ ਨੂੰ ਬਚਾਉਣ ਦੇ ਲਈ ਪੰਜਾਬ ਦੇ ਕਿਰਤੀ ਲੋਕਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਕੱਢਣ ਦੇ ਲਈ ਵਿਸ਼ੇਸ਼ ਉਪਰਾਲੇ ਕਰਨੇ ਚਾਹੀਦੇ ਹਨ ਤਾਂ ਜੋ ਪੰਜਾਬ ਦੀ ਕਿਸਾਨੀ ਅਤੇ ਜਵਾਨੀ ਆਪਣੀ ਚੰਗੀ ਤਰ੍ਹਾਂ ਜ਼ਿੰਦਗੀ ਬਤੀਤ ਕਰ ਸਕੇ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਹਿੰਗ ਜਥੇਬੰਦੀ ਅਰਬਾਂ ਖਰਬਾਂ ਤੇ ਸਰਗਰਮ ਆਗੂ ਜਥੇਦਾਰ ਜੁਗਰਾਜ ਸਿੰਘ ਕਾਤਰੋਂ ਅਤੇ ਜਥੇਦਾਰ ਅਮਰੀਕ ਸਿੰਘ ਕਾਤਰੋਂ ਨੇ ਕੀਤਾ। ਉਹਨਾਂ ਉਹਨਾਂ ਪੰਜਾਬ ਦੀ ਨੌਜਵਾਨੀ ਨੂੰ ਅਪੀਲ ਕੀਤੀ ਕਿ ਉਹ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕੇ



ਵੱਧ ਤੋਂ ਵੱਧ ਨੌਜਵਾਨਾਂ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣਨ ।ਆਗੂਆਂ ਨੇ ਪੰਜਾਬ ਦੀਆਂ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ,ਪੰਥ ਅਤੇ ਗ੍ਰੰਥ ਦੇ ਭਲੇ ਦੇ ਲਈ ਇਕੱਤਰ ਹੋ ਕੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਲੜਨ ਤਾਂ ਜੋ ਆਪਣੇ ਲੰਮੇ ਸਮੇਂ ਤੋਂ ਜੇਲਾ ਚ ਬੰਦ ਬੰਦੀ ਸਿੰਘਾਂ ਦੀ ਰਿਹਾਈ ਲਈ ਰਾਹ ਪੱਧਰਾ ਕੀਤਾ ਜਾ ਸਕੇ। ਉਹਨਾਂ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵਿੱਚ ਅੰਮ੍ਰਿਤਧਾਰੀ ਸਿੰਘ ਨਾ ਹੋਣ ਤੇ ਖਦਸਾ ਜਾਹਰ ਕਰਦਿਆਂ ਕਿਹਾ ਕਿ ਲੋਕਲ ਗੁਰਦੁਆਰਿਆਂ ਦੀਆਂ ਕਮੇਟੀਆਂ ਦੇ ਵਿੱਚ ਸਿਰਫ ਅੰਮ੍ਰਿਤਧਾਰੀ ਸਿੰਘ ਹੋਣੇ ਚਾਹੀਦੇ ਹਨ ਤਾਂ ਜੋ ਉਹਨਾਂ ਨੂੰ ਮਾਨ ਮਰਿਆਦਾ ਦਾ ਪਤਾ ਹੋਵੇ।

### ਲੋਕਾਂ ਦਾ 20 ਸਾਲਾਂ ਦਾ ਇੰਤਜਾਰ ਹੋਇਆ ਖਤਮ

# ਹਲਵਾਰਾ ਕੌਮਾਂਤਰੀ ਹਵਾਈ ਅੱਡੇ ਤੋਂ ਉਡਾਣਾ ਸ਼ੁਰੂ

## ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਅਤੇ ਭਾਜਪਾ ਆਗੂਆਂ ਸਮੇਤ ਯਾਤਰੀਆਂ ਦਾ ਨਿੱਘਾ ਸਵਾਗਤ















ਹਲਵਾਰਾ/ਲੁਧਿਆਣਾ -(ਵਰਿਆਮ ਹਠੂਰ) ਰਾਏਕੋਟ ਨਜਦੀਕ ਹਲਵਾਰਾ ਕੌਮਾਂਤਰੀ ਹਵਾਈ ਅੱਡੇ ਤੇ ਪਹਿਲੀ ਫਲਾਈਟ ਉੱਤਰਨ ਨਾਲ ਲੋਕਾਂ ਦਾ 20 ਸਾਲ ਦਾ ਇੰਤਜ਼ਾਰ ਖਤਮ ਹੋ ਗਿਆ, ਇੰਦਰਾਗਾਂਧੀ ਅੰਤਰਾਸ਼ਟਰੀ ਹਵਾਈ ਅੱਡੇ ਦਿੱਲੀ ਤੋਂ ਉੱਡੀ ਏਅਰ ਇੰਡੀਆ ਦੀ ਫਲਾਈਟ ਏ.ਆਈ 481 ਹਲਵਾਰਾ ਹਵਾਈ ਅੱਡੇ ਤੇ ਉੱਤਰੀ ਤੇ ਇਸ ਇਤਿਹਾਸਕ ਪਲਾਂ ਮੌਕੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ, ਸੰਸਦ ਰਜਿੰਦਰ ਗੁਪਤਾ ਅਤੇ ਵਿਕਰਮਜੀਤ ਸਿੰਘ ਸਾਹਨੀ ਸਮੇਤ ਕਈ ਭਾਜਪਾ ਆਗੂਆਂ ਦੀ ਆਮਦ ਅਹਿਮ ਰਹੀ ਇਸ ਪਹਿਲੀ ਫਲਾਈਟ ਰਾਹੀਂ ਪੁੱਜੇ ਯਾਤਰੀਆਂ ਅਤੇ ਆਗੂਆਂ ਦਾ ਏਅਰਪੋਰਟ ਕਰਮਚਾਰੀਆਂ ਨੇ ਨਿੱਘਾ ਸਵਾਗਤ ਕੀਤਾ ਤੇ ਪੰਜਾਬ ਦੇ ਰਵਾਇਤੀ ਸਭਿਆਚਾਰ ਗਿੱਧੇ-ਭੰਗੜੇ ਦੀ ਸਾਨਦਾਰ ਪੇਸ਼ਕਾਰੀ ਨਾਲ ਖੁਸ਼ੀ ਜਾਹਿਰ ਕਰਦਿਆਂ ਜੀ ਆਇਆਂ ਆਖਿਆ, ਭਾਜਪਾ ਆਗੂਆਂ ਨੂੰ ਵਿਸੇਸ਼ ਤੌਰ ਤੇ ਜੀ ਆਇਆਂ ਆਖਦਿਆਂ ਗੁਲਦਸਤੇ ਦਿੱਤੇ ਗਏ, ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕੌਮਾਂਤਰੀ ਹਲਵਾਰਾ ਹਵਾਈ ਅੱਡਾ ਚਾਲੂ ਕਰਨ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਅਤੇ ਕਿਹਾ ਕਿ ਕੌਮਾਂਤਰੀ ਹਲਵਾਰਾ ਹਵਾਈ ਅੱਡਾ ਸਿਰਫ ਜਿਲ੍ਹਾ ਲੁਧਿਆਣਾ ਹੀ ਨਹੀਂ ਸਗੋਂ ਪੂਰੇ ਪੰਜਾਬ ਲਈ ਫਾਇਦੇਮੰਦ ਸਾਬਤ ਹੋਵੇਗਾ, ਤੇ ਜਿਸ ਦਾ ਪੰਜਾਬੀਆਂ ਨੂੰ ਵੱਡਾ ਫਾਇਦਾ ਮਿਲੇਗਾ, ਉਨ੍ਹਾਂ ਕਿਹਾ ਕਿ ਆਪਣੀ ਧਰਤੀ ਆਪਣੇ ਸ਼ਹਿਰ 'ਤੇ ਇਤਿਹਾਸਕ ਲੈਂਡਿੰਗ ਅੱਜ ਹਲਵਾਰਾ ਏਅਰਪੋਰਟ 'ਤੇ ਉਤਰਦਿਆਂ ਜੋ ਸਕੂਨ ਅਤੇ ਮਾਣ ਮਹਿਸੂਸ ਹੋਇਆ, ਉਸ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਮੁਸ਼ਿਕਲ ਹੈ। ਲੁਧਿਆਣਾ ਵਾਸੀਆਂ ਵੱਲੋਂ ਮਿਲੇ ਨਿੱਘੇ ਸਵਾਗਤ ਅਤੇ ਪਿਆਰ ਲਈ ਮੈਂ ਤਹਿ ਦਿਲੋਂ ਸ਼ੁਕਰਗੁਜ਼ਾਰ ਹਾਂ। ਇਹ ਸਿਰਫ਼ ਮੇਰਾ ਸਵਾਗਤ ਨਹੀਂ, ਸਗੋਂ ਲੁਧਿਆਣਾ ਦੀ ਤਰੱਕੀ ਦਾ ਸਵਾਗਤ ਹੈ। 30 ਸਾਲਾਂ ਬਾਅਦ ਸਾਡਾ ਸ਼ਹਿਰ ਹਵਾਈ ਮਾਰਗ ਰਾਹੀਂ ਦੇਸ਼ ਦੀ ਰਾਜਧਾਨੀ ਨਾਲ ਜੁੜ ਗਿਆ ਹੈ। ਹੁਣ ਸਾਡੀ ਇੰਡਸਟਰੀ ਅਤੇ ਵਪਾਰ ਦੁਨੀਆਂ ਭਰ ਵਿੱਚ ਉਡਾਣ ਭਰਨਗੇ। ਇਸ ਮੌਕੇ ਏਅਰਪੋਰਟ ਅਥਾਰਟੀ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਹਲਵਾਰਾ ਕੌਮਾਂਤਰੀ ਹਵਾਈ ਅੱਡੇ ਤੋਂ ਰੋਜਾਨਾ 2 ਫਲਾਈਟਾਂ ਉੱਡਣਗੀਆਂ, ਇਸ ਮੌਕੇ ਯਾਤਰੀਆਂ ਸਮੇਤ ਹਾਜਰ ਲੋਕਾਂ ਦੇ ਚਿਹਰੇ ਤੇ ਖੁਸ਼ੀ ਵੇਖਣ ਨੂੰ ਮਿਲੀ। ••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਕਿਸਾਨ ਦਾ ਪੁੱਤ ਹੋਣ ਦਾ ਵਿਖਾਵਾ ਕਰਨ ਵਾਲੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ

# ਆਪਣੀ ਅਗਵਾਈ ਵਾਲੇ ਲੈਂਡ ਮੋਰਗੇਜ ਬੈਂਕ ਦੇ ਭ੍ਰਿਸ਼ਟ ਅਫਸਰਾਂ ਨੂੰ ਬਚਾਉਣ ਲਈ ਹਰ ਤਰ੍ਹਾਂ ਦੇ ਕੀਤੇ ਜਾ ਰਹੇ ਹਨ ਉਪਰਾਲੇ

**ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਪਣੀ ਅਗਵਾਈ ਵਾਲੇ ਲੈਂਡ ਮੋਰਗੇਜ ਬੈਂਕ ਦੀ ਭ੍ਰਿਸ਼ਟ ਅਫਸਰਸ਼ਾਹੀ ਉੱਪਰ ਕਾਰਵਾਈ ਕਰਨ ਦੀ ਬਜਾਏ, ਕਿਸਾਨਾਂ ਦੀਆਂ ਜਮੀਨਾਂ ਖੋਹ ਕੇ ਕਾਰਪੋਰੇਟ ਘਰਾਣਿਆਂ ਨੂੰ ਦੇਣ ਲਈ ਰਾਹ ਪੱਧਰਾ ਕਰਨ ਦੇ...**





ਚੋਹਲਾ ਸਾਹਿਬ, 15 ਮਈ (ਆਵਾਜ਼ਿ ਕੌਮ ਬਿਊਰੋ)– ਜਦੋਂ ਬਾੜ ਹੀ ਖੇਤ ਨੂੰ ਖਾਣ ਲੱਗ ਜਾਵੇ ਫੇਰ ਦੱਸੋ ਕਿਸਾਨ ਆਪਣੀ ਫਸਲ ਦੀ ਰਖਵਾਲੀ ਦੀ ਆਸ ਕਿਸ ਤੋਂ ਕਰੇ, ਇਹਨਾ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਬੀਕੇਯੂ ਏਕਤਾ ਸਿੱਧੂਪੁਰ ਦੇ ਸੂਬਾ ਜਨਰਲ ਸਕੱਤਰ ਕਾਕਾ ਸਿੰਘ ਕੋਟੜਾ ਨੇ ਕਿਹਾ ਕਿ ਕਿਸਾਨ ਸ਼ਾਹੂਕਾਰਾਂ ਤੋਂ ਬਚਣ ਦੇ ਲਈ ਸਹਿਕਾਰੀ ਬੈਂਕਾਂ ਤੋਂ ਆਪਣੀ ਫਸਲ ਪਾਲਣ ਲਈ ਕਰਜ਼ ਲੈ ਕੇ ਖੇਤੀਬਾੜੀ ਕਰਦਾ ਹੈ ਪ੍ਰੰਤੂ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਦੀ ਅਗਵਾਈ ਵਾਲੇ ਆਪਣੇ ਅਦਾਰੇ ਲੈਂਡ ਮੋਰਗੇਜ ਬੈਂਕ ਵੱਲੋਂ ਸ਼ਾਹੂਕਾਰਾਂ ਦੁਆਰਾ ਕਿਸਾਨਾਂ ਦੀ ਕੀਤੀ ਜਾਂਦੀ ਲੁੱਟ ਨੂੰ ਵੀ ਪਿੱਛੇ ਛੱਡਦੇ ਹੋਏ ਕਿਸਾਨਾਂ ਤੋਂ ਵੀਹ ਵੀਹ ਗੁਣਾ ਵਿਆਜ ਸਮੇਤ ਪੈਸੇ ਵਸੂਲ ਤੋਂ ਬਾਅਦ ਕਿਸਾਨਾਂ ਨੂੰ ਕਲੀਅਰੈਂਸ ਸਰਟੀਫਿਕੇਟ ਦਿੱਤੇ ਗਏ ਸਨ ਅਤੇ ਹੁਣ ਉਹਨਾ ਹੀ ਪੈਸੇ ਭਰ ਕੇ ਕਲੀਅਰੈਂਸ ਸਰਟੀਫਿਕੇਟ ਪ੍ਰਾਪਤ ਕਰਨ ਵਾਲੇ ਕਿਸਾਨਾਂ ਦੀਆਂ ਜਮੀਨਾਂ ਖੋਹਣ ਲਈ ਲੈਂਡ ਮੋਰਗੇਜ ਬੈਂਕ ਵੱਲੋਂ ਫਿਰ ਤੋਂ ਉਸੇ ਵਿਆਜ ਸਮੇਤ ਪੈਸੇ ਵਾਪਸ ਕਰ ਚੁੱਕੇ ਕਿਸਾਨ ਦੀ ਜਮੀਨ ਦੀ ਫਰਦ ਵਿੱਚ ਆੜ ਰਹਿਣ ਦੀਆਂ ਐਂਟਰੀਆਂ ਕਰਵਾਈਆਂ ਜਾ ਰਹੀਆਂ ਹਨ ਅਤੇ ਮੁੱਖ ਮੰਤਰੀ ਦੀ ਅਗਵਾਈ ਵਾਲੇ ਲੈਂਡ ਮੋਰਗੇਜ ਬੈਂਕ ਵੱਲੋਂ ਕਿਸਾਨਾਂ ਤੋਂ ਲੈ ਗਏ ਖਾਲੀ ਚੈੱਕਾਂ ਨੂੰ ਅਦਾਲਤ ਵਿੱਚ ਲਗਾ ਕੇ ਕਿਸਾਨਾਂ ਦੀਆਂ ਜਮੀਨਾਂ ਕੁਰਕ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਦੇਣ ਲਈ ਸਾਜਿਸ਼ਾਂ ਘੜੀਆਂ ਜਾ ਰਹੀਆਂ ਹਨ ਜਿਸ ਦੀਆਂ ਕਿ ਅਨੇਕਾਂ ਹੀ ਸ਼ਿਕਾਇਤਾਂ ਸਮੇਤ ਸਬੂਤ ਕਿਸਾਨਾਂ ਵੱਲੋਂ ਜਥੇਬੰਦੀ ਕੋਲ ਪਹੁੰਚ ਦੀਆ ਕੀਤੀਆ ਜਾ ਚੁੱਕੀਆਂ ਹਨ। ਕਾਕਾ ਸਿੰਘ ਕੋਟੜਾ ਨੇ ਅੱਗੇ ਗੱਲਬਾਤ ਕਰਦਿਆਂ ਹੋਇਆ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਕਿਸਾਨ ਵਿਰੋਧੀ ਅਤੇ ਕਾਰਪੋਰੇਟ ਪੱਖੀ ਚਿਹਰਾ ਇਸ ਗੱਲ ਤੋਂ ਹੀ ਨੰਗਾ ਹੋ ਜਾਂਦਾ ਹੈ ਕਿ ਪਿੱਛਲੀ 30 ਮਾਰਚ ਤੋਂ ਲੈਂਡ ਮੋਰਗੇਜ ਬੈਂਕ ਫਰੀਕੋਟ ਅੱਗੇ ਪਿੰਡ ਹਰੀ ਨੌ ਦੇ ਦੋ ਸਕੇ ਭਰਾਵਾਂ ਨੂੰ ਇਨਸਾਫ ਦਿਵਾਉਣ ਲਈ ਅਤੇ ਲੈਂਡ ਮੋਰਗੇਜ ਬੈਂਕ ਵੱਲੋਂ ਲੈ ਗਏ ਖਾਲੀ ਚੈੱਕਾਂ ਨੂੰ ਵਾਪਸ ਕਰਵਾਉਣ ਲਈ ਅਤੇ ਬੈਂਕ ਦੀ ਭ੍ਰਿਸ਼ਟ ਅਫਸਰਸ਼ਾਹੀ ਵੱਲੋਂ ਕਿਸਾਨਾਂ ਨਾਲ ਕੀਤੀਆਂ ਗਈਆਂ ਧੋਖਾਧੜੀ ਦੇ ਦੋਸ਼ੀ ਅਫਸਰਾਂ ਨੂੰ ਸਜ਼ਾ ਦਿਵਾਉਣ ਲਈ ਲਗਾਤਾਰ ਦਿਨ ਰਾਤ ਧਰਨਾ ਚੱਲ ਰਿਹਾ ਹੈ ਅਤੇ ਜਿਸ ਉਪਰੰਤ ਅੰਦੋਲਨ ਨੂੰ ਹੋਰ ਤੇਜ਼ ਕਰਦੇ ਹੋਏ ਜਥੇਬੰਦੀ ਵੱਲੋਂ 10 ਤੋਂ ਵੱਧ ਹੋਰ ਜ਼ਿਲਿਆਂ ਵਿੱਚ ਲੈਂਡ ਮੋਰਗੇਜ ਬੈਂਕ ਦੀਆਂ ਮੇਨ ਬਰਾਂਚਾ ਅੱਗੇ ਵੀ ਧਰਨਾ ਦਿੱਤਾ ਜਾ ਰਿਹਾ ਹੈ ਪ੍ਰੰਤੂ ਮੁੱਖ ਮੰਤਰੀ ਵੱਲੋਂ ਪੀੜਤ ਕਿਸਾਨਾਂ ਨੂੰ ਇਨਸਾਫ ਦੇਣ ਦੀ ਬਜਾਏ ਆਪਣੀ ਭ੍ਰਿਸ਼ਟ ਅਫਸਰਸ਼ਾਹੀ ਨੂੰ ਬਚਾਉਣ ਲਈ ਹੀ ਹੱਥਕੰਡੇ ਵਰਤੇ ਜਾ ਰਹੇ ਹਨ ਅਤੇ ਕਿਸਾਨਾਂ ਦੀਆਂ ਜਮੀਨਾਂ ਖੋਹਣ ਲਈ ਕਣਕ ਦੇ ਨਾੜ ਦਾ ਬਹਾਨਾ ਬਣਾ ਕੇ ਕਿਸਾਨਾਂ ਦੀਆਂ ਜਮੀਨਾਂ ਵਿੱਚ ਰੈਡ ਐਂਟਰੀਆਂ ਕਰਨ ਦੇ ਪੰਜਾਬ ਸਰਕਾਰ ਵੱਲੋਂ ਹੁਕਮ ਦਿੱਤੇ ਗਏ ਹਨ ਤਾਂ ਜੋ ਕਿਸਾਨਾਂ ਦੀਆਂ ਜਮੀਨਾਂ ਖੋਹ ਕੇ ਕਾਰਪੋਰੇਟ ਘਰਾਣਿਆਂ ਨੂੰ ਦੇਣ ਲਈ ਪੰਜਾਬ ਸਰਕਾਰ ਵੱਲੋਂ ਰਾਹ ਪੱਧਰੇ ਕੀਤੇ ਜਾ ਸਕਣ। ਉਹਨਾ ਅੱਗੇ ਗੱਲਬਾਤ ਕਰਦਿਆਂ ਹੋਇਆ ਕਿਹਾ ਕਿ ਬੀਕੇਯੂ ਏਕਤਾ ਸਿੱਧੂਪੁਰ ਆਪਣੇ ਕਿਸਾਨਾਂ ਦੇ ਹੱਕਾਂ ਲਈ ਹਰ ਇੱਕ ਸੰਘਰਸ਼ ਲੜਨ ਲਈ ਬਚਨਵਧ ਹੈ ਅਤੇ ਕਿਸੇ ਵੀ ਕਿਸਾਨ ਦੀ ਜਮੀਨ ਦੀ ਕੁਰਕੀ ਨਹੀਂ ਹੋਣ ਦੇਵੇਗੀ ਅਤੇ ਲੈਂਡ ਮੋਰਗੇਜ ਬੈਂਕ ਦੇ ਭ੍ਰਿਸ਼ਟ ਅਫਸਰਾਂ ਜਿਨਾਂ ਵੱਲੋਂ ਕਿਸਾਨਾਂ ਨਾਲ ਧੋਖਾਧੜੀ ਕੀਤੀ ਗਈ ਹੈ ਉਹਨਾਂ ਭ੍ਰਿਸ਼ਟ ਅਫਸਰਾਂ ਨੂੰ ਬੀਕੇਯੂ ਏਕਤਾ ਸਿੱਧੂਪੁਰ ਸਜਾਂ ਦਬਾਅ ਕੇ ਹੀ ਪਿੱਛੇ ਹਟੇਗੀ। ਇਸ ਮੌਕੇ ਉਹਨਾਂ ਨਾਲ: ਬੋਹੜ ਸਿੰਘ ਰੁਪੱਈਆਂ ਵਾਲਾ ਜ਼ਿਲ੍ਹਾ ਪ੍ਰਧਾਨ ਫਰੀਦਕੋਟ, ਲਵਜੀਤ ਸਿੰਘ ਜਿਲਾ ਪ੍ਰਧਾਨ ਮੋਗਾ, ਇੰਦਰਜੀਤ ਸਿੰਘ ਘਣੀਆ ਜ਼ਿਲ੍ਹਾ ਜਨਰਲ ਸਕੱਤਰ, ਜ਼ਿਲ੍ਹਾ ਖਜਾਨਚੀ ਗੁਰਾਂਦਿੱਤਾ ਸਿੰਘ ਬਾਜਾਖਾਨਾ, ਸ਼ਿੰਦਰਪਾਲ ਸਿੰਘ ਪ੍ਰਧਾਨ ਬਲਾਕ ਜੈਤੋ, ਬਲਜਿੰਦਰ ਸਿੰਘ ਵਾੜਾ ਭਾਈਕਾ ਪ੍ਰਧਾਨ ਬਲਾਕ ਬਾਜਾਖਾਨਾ, ਨਾਇਬ ਸਿੰਘ ਸ਼ੇਰ ਸਿੰਘ ਵਾਲਾ ਪ੍ਰਧਾਨ ਸਾਦਿਕ ਬਲਾਕ, ਨਿਰਮਲ ਸਿੰਘ ਢਿਲਵਾਂ ਪ੍ਰਧਾਨ ਬਲਾਕ ਕੋਟਕਪੂਰਾ, ਸੁਖਚਰਨ ਸਿੰਘ ਕਾਲਾ ਪ੍ਰਧਾਨ ਬਲਾਕ ਗੋਲੇਵਾਲਾ, ਤੇਜਾ ਸਿੰਘ ਪੱਕਾ ਪ੍ਰਧਾਨ ਬਲਾਕ ਫਰੀਦਕੋਟ, ਰਤਨ ਸਿੰਘ ਮੱਲਕੇ ਅਤੇ ਕਾਕਾ ਸਿੰਘ ਠੱਠੀ ਭਾਈ ਜਿਲਾ ਮੋਗਾ, ਸੁਰਜੀਤ ਸਿੰਘ ਸੇਵੇਵਾਲਾ ਕਾਰਜਕਾਰੀ ਪ੍ਰਧਾਨ ਬਲਾਕ ਜੈਤੋ, ਜਤਿੰਦਰਜੀਤ ਸਿੰਘ ਭਿੰਡਰ ਨੌਜਵਾਨ ਆਗੂ, ਰਾਜਵੀਰ ਸਿੰਘ ਪੱਖੀ, ਹੁਸ਼ਿਆਰ ਸਿੰਘ ਸੋਨਾ ਮਿਸ਼ਰੀ ਵਾਲਾ, ਨਾਇਬ ਸਿੰਘ ਢਿੱਲਵਾਂ ਆਦਿ ਕਿਸਾਨ ਆਗੂ ਹਾਜ਼ਰ ਸਨ।

# ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦਾ 12ਵੀਂ ਦਾ ਨਤੀਜਾ ਰਿਹਾ ਸ਼ਾਨਦਾਰ

**ਕਾਮਰਸ ਦੀ ਹਰਪ੍ਰੀਤ ਕੌਰ ਨੇ 92%, ਸਾਇੰਸ ਦੇ ਸ਼ਿਹਬਾਜ ਨੇ 88% ਅਤੇ ਆਰਟਸ ਦੀ ਅਮਨਦੀਪ ਨੇ 87%**


















**ਤਰਨ ਤਾਰਨ/ਅੰਮ੍ਰਿਤਸਰ 15 ਮਈ(ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ) ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ (ਪੀ.ਐਸ.ਬੀ) ਵੱਲੋਂ ਐਲਾਨੇ ਗਏ 10+2 (ਬਾਰ੍ਹਵੀਂ) ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਨਾਂ ਰੌਸ਼ਨ ਕੀਤਾ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਨਤੀਜਿਆਂ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਸਾਰੇ ਵਿਦਿਆਰਥੀ ਪਹਿਲੇ ਦਰਜੇ (ਫਸਟ ਡਿਵੀਜ਼ਨ) ਵਿੱਚ ਪਾਸ ਹੋਏ ਹਨ। ਮੈਰਿਟ ਸੂਚੀ ਮੁਤਾਬਕ, ਕਾਮਰਸ ਸਟ੍ਰੀਮ ਵਿੱਚ ਹਰਪ੍ਰੀਤ ਕੌਰ ਨੇ 92% ਅੰਕਾਂ ਨਾਲ ਪਹਿਲਾ, ਨਵਰੂਪ ਸਿੰਘ ਨੇ 88% ਨਾਲ ਦੂਜਾ ਅਤੇ ਸਾਹਿਬਜੋਤ ਸਿੰਘ ਨੇ 88% ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ। ਸਾਇੰਸ ਸਟ੍ਰੀਮ ਵਿੱਚ ਸ਼ਿਹਬਾਜ ਸਿੰਘ ਨੇ 88% ਅੰਕ ਲੈ ਕੇ ਪਹਿਲਾ, ਬਲਜੀਤ ਕੌਰ ਨੇ 85% ਨਾਲ ਦੂਜਾ ਜਦਕਿ ਸਿਮਰਜੀਤ ਕੌਰ ਅਤੇ ਸੁਖਦੀਪ ਸਿੰਘ ਨੇ 84% ਅੰਕਾਂ ਨਾਲ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਆਰਟਸ ਸਟ੍ਰੀਮ ਵਿੱਚੋਂ ਅਮਨਦੀਪ ਕੌਰ ਨੇ 87% ਅੰਕਾਂ ਨਾਲ ਪਹਿਲਾ, ਜਸਮੀਨ ਕੌਰ ਨੇ 82% ਨਾਲ ਦੂਜਾ ਅਤੇ ਹਰਮਨ ਕੌਰ ਨੇ 79% ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ ਹੈ। ਪ੍ਰਿੰਸੀਪਲ ਨੇ ਦੱਸਿਆ ਕਿ ਸ਼ਾਨਦਾਰ ਨਤੀਜਿਆਂ ਦੀ ਲੜੀ ਵਿੱਚ ਕਾਲਜ ਦੇ 26 ਵਿਦਿਆਰਥੀਆਂ ਨੇ 80% ਤੋਂ ਵੱਧ, 56 ਵਿਦਿਆਰਥੀਆਂ ਨੇ 70% ਤੋਂ 80% ਦਰਮਿਆਨ ਅਤੇ 38 ਵਿਦਿਆਰਥੀਆਂ ਨੇ 60% ਤੋਂ 70% ਦੇ ਵਿਚਕਾਰ ਅੰਕ ਹਾਸਲ ਕੀਤੇ ਹਨ। ਉਨ੍ਹਾਂ ਇਸ ਸ਼ਾਨਦਾਰ ਸਫਲਤਾ ਦਾ ਸਿਹਰਾ ਕਾਲਜ ਦੇ ਮਿਹਨਤੀ ਸਟਾਫ਼ ਸਿਰ ਬੰਨ੍ਹਿਆ। ਵਿਦਿਆਰਥੀਆਂ ਦੀ ਇਸ ਬਿਹਤਰੀਨ ਕਾਰਗੁਜ਼ਾਰੀ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਅਤੇ ਸਕੱਤਰ ਵਿਦਿਆ ਸ. ਸੁਖਮਿੰਦਰ ਸਿੰਘ ਨੇ ਕਾਲਜ ਪ੍ਰਿੰਸੀਪਲ, ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਭੇਜੀਆਂ। ਇਸ ਖੁਸ਼ੀ ਦੇ ਮੌਕੇ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਵੱਲੋਂ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਗਿਆ। ਉਨ੍ਹਾਂ ਬੱਚਿਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਸਕੂਲੀ ਪੜ੍ਹਾਈ ਦਾ ਇੱਕ ਅਹਿਮ ਪੜਾਅ ਪੂਰਾ ਹੋ ਗਿਆ ਹੈ, ਹੁਣ ਉਹ ਕਾਲਜ ਵਿੱਚ ਚੱਲ ਰਹੇ ਉਚੇਰੀ ਸਿੱਖਿਆ ਦੇ ਵੱਖ-ਵੱਖ ਕੋਰਸਾਂ ਵਿੱਚ ਦਾਖਲਾ ਲੈ ਕੇ ਹੋਰ ਵੀ ਸਖ਼ਤ ਮਿਹਨਤ ਕਰਨ ਤਾਂ ਜੋ ਜ਼ਿੰਦਗੀ ਦੇ ਹਰ ਮੁਕਾਮ 'ਤੇ ਸਫਲ ਹੋ ਸਕਣ। ਇਸ ਮੌਕੇ ਰਜਿਸਟਰਾਰ ਪ੍ਰੋ. ਜਤਿੰਦਰ ਕੌਰ, ਸੀਨੀਅਰ ਸੈਕੰਡਰੀ ਇੰਚਾਰਜ ਪ੍ਰੋ. ਸਾਹਿਬ ਸਿੰਘ, ਕੋ-ਇੰਚਾਰਜ ਪ੍ਰੋ. ਮਨਦੀਪ ਕੌਰ ਅਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਤੇਜ ਰਸੀਲਾ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸੈਦਪੁਰ ਦੀਆਂ 3 ਵਿਦਿਆਰਥਣਾਂ ਨੇ ਕੀਤੀ ਮੈਰਿਟ ਹਾਸਲ



ਜੰਡਿਆਲਾ ਗੁਰੂ 15 ਮਈ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਜਮਾਤ ਦੇ ਐਲਾਨੇ ਗਏ ਨਤੀਜੇ ਦੌਰਾਨ ਤੇਜ ਰਸੀਲਾ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸੈਦਪੁਰ ਦੀਆਂ ਤਿੰਨ ਵਿਦਿਆਰਥਣਾਂ ਨੇ ਮੈਰਿਟ ਹਾਸਲ ਕੀਤੀ ਹੈ। ਸਮੁੱਚੇ ਤੌਰ ' ਤੇ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਹੈ। ਇਸ ਪ੍ਰੀਖਿਆ ਵਿੱਚ 35 ਵਿਦਿਆਰਥੀ ਅਪੀਅਰ ਹੋਏ। ਉਹਨਾਂ ਵਿੱਚੋਂ ਅਨਮੋਲਪ੍ਰੀਤ ਕੌਰ (96.46%) ਸੁਨੇਹਾ ਸ਼ਰਮਾ (96.46%) ਅਤੇ ਐਸਮੀਨ ਕੌਰ (96.3%) ਫੀਸਦੀ ਅੰਕ ਪ੍ਰਾਪਤ ਕਰਕੇ ਮੈਰਿਟ ਸੂਚੀ ਵਿੱਚ ਆਪਣੀ ਥਾਂ ਬਣਾਈ ਹੈ। ਇਸੇ ਤਰ੍ਹਾਂ 13 ਬੱਚਿਆਂ ਨੂੰ 90% ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ ਅਤੇ 19 ਬੱਚਿਆਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਦਵਿੰਦਰ ਕੌਰ ਨੇ ਸਮੂਹ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕਾ'ਤੇ ਸਕੂਲ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

# ਰਿਸ਼ਵਤ ਲੈ ਕੇ ਪੰਜਾਬ ਵਿੱਚ ਗੈਰ ਕਾਨੂੰਨੀ ਕੰਮ ਕਰਨ ਵਾਲੇ ਮੁਲਾਜ਼ਮਾਂ ਤੇ ਸਾੜ ਸਤੀ ਚੱਲ ਰਹੀ ਐ ਕੇਂਦਰੀ ਏਜੰਸੀਆਂ ਭੁੱਖੇ ਚਿੱਤਿਆਂ ਵਾਂਗੂੰ ਦੋ ਗਵਾਹਾਂ ਤੇ ਬਿਆਨਾਂ ਤੇ ਹੀ ਕਰ ਲੈਂਦੀਆਂ ਨੇ ਗ੍ਰਿਫਤਾਰ

ਪੰਜਾਬ ਵਿੱਚ ਅੰਦਰ ਖਾਤੇ ਹਾਲੇ ਵੀ ਰਿਸ਼ਵਤ ਖੋਰੀ ਦਾ ਬਾਜ਼ਾਰ ਗਰਮ ਐ। ਜਿਸ ਤਰੀਕੇ ਨਾਲ ਸਰਕਾਰਾਂ ਆਪਣੇ ਕੰਮ ਕਰਨ ਦੇ ਤਰੀਕੇ ਬਦਲਦੀਆਂ ਨੇ ਇਸੇ ਤਰ੍ਹਾਂ ਰਿਸ਼ਵਤਖੋਰ ਮੁਲਾਜ਼ਮ ਰਿਸ਼ਵਤ ਲੈਣ ਦੇ ਨਵੇਂ ਨਵੇਂ ਤਰੀਕੇ ਲੱਭ ਹੀ ਲੈਂਦੇ ਨੇ। ਇਹ ਗੱਲ ਤਾਂ ਬਿਲਕੁਲ ਸਪਸ਼ਟ ਹੈ ਕਿ ਰਿਸ਼ਵਤਖੋਰ ਮੁਲਾਜ਼ਮ ਸਿੱਧੇ ਤੌਰ ਤੇ ਆਪ ਰਿਸ਼ਵਤ ਨਹੀਂ ਲੈਂਦੇ। ਆਪਣੀਆਂ ਡਿਊਟੀਆਂ ਤੇ ਵੀ ਸਹਾਇਕ ਦਿਹਾੜੀਦਾਰ ਕਾਮੇ ਲਾਏ ਹੋਏ ਨੇ ਜਿਨਾਂ ਦਾ ਕੰਮ ਸਿਰਫ ਰਿਸ਼ਵਤ ਇਕੱਠੀ ਕਰਨਾ ਆ। ਪਰ ਸ਼ਾਇਦ ਉਹ ਇਸ ਗੱਲ ਨੂੰ ਅਣਗੌਲਿਆ ਕਰ ਰਹੇ ਨੇ ਕਿ ਪੰਜਾਬ ਦੇ ਵਿੱਚ ਇਲੈਕਸ਼ਨ ਦਾ ਜ਼ੋਰ ਐ। ਪੰਜਾਬ ਵਿੱਚ ਮੌਜੂਦਾ ਸਰਕਾਰ ਦੀ ਰਿਪੀਟ ਹੋਣੀ ਫਿਕੀ ਲੱਗ ਰਹੀ ਐ ਪਰ ਉਸ ਦੇ ਮੁਕਾਬਲੇ ਕੇਂਦਰ ਦੀ ਬੀਜੇਪੀ ਸਰਕਾਰ ਪੰਜਾਬ ਵਿੱਚ ਆਪਣੇ ਬੂਟੇ ਲਾਉਣ ਵਿੱਚ ਇੰਨੀ ਕੁ ਖੁੱਭ ਚੁੱਕੀ ਹੈ ਕਿ ਕੇਂਦਰ ਦੀਆਂ ਜਾਂਚ ਏਜੰਸੀਆਂ ਕੱਟ ਪੁਤਲੀਆਂ ਵਾਂਗ ਵਰਤੀਆਂ ਜਾ ਰਹੀਆਂ ਨੇ। ਜਿਸ ਦੀ ਤਾਜ਼ਾ ਉਦਾਹਰਨ ਉਸ ਵੇਲੇ ਵੀ ਪਿਛਲੇ ਦਿਨੀ ਦੇਖਣ ਨੂੰ ਮਿਲੀ, ਜਦੋਂ ਪੰਜਾਬ ਦੀ ਜਾਂਚ ਏਜੰਸੀ ਤੇ ਕੇਂਦਰ ਦੀ ਜਾਂਚ ਏਜੰਸੀ ਨੇ ਧਾਵਾ ਬੋਲ ਦਿੱਤਾ। ਜਿਸ ਵਿੱਚ ਖਬਰਾਂ ਮੁਤਾਬਿਕ ਪੰਜਾਬ ਦੀ ਜਾਂਚ ਏਜੰਸੀ ਦਾ ਇੱਕ ਮੁਲਾਜ਼ਿਮ ਫਰਾਰ ਦੱਸਿਆ ਜਾ ਰਿਹਾ। ਇਸ ਵੇਲੇ ਗੈਰ ਕਾਨੂੰਨੀ ਕੰਮ ਕਰਨ ਵਾਲੇ ਅਤੇ ਰਿਸ਼ਵਤਖੋਰ ਮੁਲਾਜ਼ਮ ਮੌਤ ਨੂੰ ਮਾਸੀ ਆਖਣ ਵਾਲਾ ਕੰਮ ਕਰ ਰਹੇ ਨੇ। ਕਿਉਂਕਿ ਪੰਜਾਬ ਵਿੱਚ ਕੇਂਦਰ ਸਰਕਾਰ ਆਪਣੇ ਪੈਰ ਪਸਾਰਨ ਲਈ ਜਾਂ ਲੋਕਾਂ ਦੇ ਦਿਲਾਂ ਦੇ ਵਿੱਚ ਜਗਹਾ ਬਣਾਉਣ ਲਈ ਐਸੇ ਰਿਸ਼ਵਤ ਖੋਰ ਮੁਲਾਜ਼ਮਾਂ ਨੂੰ ਅੰਦਰ ਡੱਕ ਕੇ ਲਾਹਾ ਲੈਣ ਦੀ ਤਾਕ ਵਿੱਚ ਹੈ।

ਕੁਰਸੀਆਂ ਤੇ ਬਹਿ ਕੇ ਰੱਬ ਨੂੰ ਤਬ ਦੱਸਣ ਵਾਲੇ ਮੁਲਾਜ਼ਮ ਥੋੜਾ ਇਸ ਗੱਲ ਦਾ ਖੌਫ ਖਾਣ ਕਿ ਕਾਨੂੰਨ ਦੇ ਮੁਤਾਬਕ ਆਪਣੀ ਡਿਊਟੀ ਤਨ ਦੇਹੀ ਨਾਲ ਕਰਨ। ਇਸ ਰਿਸ਼ਵਤ ਖੋਰੀ ਤੋਂ ਤੰਗ ਆਏ ਪੰਜਾਬ ਦੇ ਆਮ ਵੋਟਰ ਜਦੋਂ ਅੱਕ ਚੱਬਣ ਤੇ ਆ ਜਾਣ ਤਾਂ ਫਿਰ ਕਿਸੇ ਲੇਖਕ ਦੇ ਲਿਖੇ ਗਾਣੇ ਦੇ ਬੋਲ ਯਾਦ ਆਉਂਦੇ ਨੇ।

**ਕਰਦਾ ਮਾਣ ਦਸ ਕਿਹੜੀ ਗੱਲ ਦਾ**
**ਇਥੇ ਜੱਜਾਂ ਨੂੰ ਪੈਂਦੇ ਨੇ ਵਕੀਲ ਕਰਨੇ।**

**-ਪਰਗਟ ਸਿੰਘ ਬਲਬੇੜਾ, 9022000070**

# ਆਪ ਆਗੂ ਰਛਪਾਲ ਸਿੰਘ ਭੁੱਲਰ ਬਣੇ ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਮੀਮਸਾ ਤੋਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰਛਪਾਲ ਸਿੰਘ ਭੁੱਲਰ ਨੂੰ ਅੱਜ ਜ਼ਿਲ੍ਹਾ ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਚੁਣਿਆ ਗਿਆ। ਇਸ ਮੌਕੇ ਉਹਨਾਂ ਨੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਉਹਨਾਂ ਨੂੰ ਚੋਣ ਲੜਨ ਦਾ ਮੌਕਾ ਦਿੱਤਾ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਉਹਨਾਂ ਵਿੱਚ ਭਰੋਸਾ ਪ੍ਰਗਟਾ ਕੇ ਉਹਨਾਂ ਨੂੰ ਚੇਅਰਮੈਨ ਚੁਣਿਆ। ਨਾਲ ਹੀ ਉਹਨਾਂ ਨੇ ਪਿੰਡਾਂ ਦੇ ਸਰਪੰਚਾਂ ਤੇ ਬਲਾਕ ਸੰਮਤੀ ਮੈਂਬਰਾਂ ਤੇ ਅਹੁਦੇਦਾਰਾਂ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਹਲਕਾ ਸੰਗਰੂਰ ਤੋਂ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ, ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋ, ਮੈਂਬਰ ਫੂਡ ਕਮਿਸ਼ਨ ਜਸਵੀਰ ਸਿੰਘ ਜੱਸੀ ਸੇਖੋਂ, ਸਾਮ ਸਿੰਗਲਾ ਜਿਲ੍ਹਾ ਪ੍ਰਧਾਨ, ਚੇਅਰਮੈਨ ਰਣਜੋਧ ਸਿੰਘ ਕਾਂਝਲਾ ਹਰਜਿੰਦਰ ਸਿੰਘ ਕਾਂਝਲਾ, ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ ਸਮੇਤ ਵੱਖ ਵੱਖ ਅਹੁਦੇਦਾਰ ਅਤੇ ਪਤਵੰਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਹਰਿਆਣਾ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ

# ਤਖ਼ਤ ਸਚਖੰਡ ਸ੍ਰੀ ਹਜ਼ੂਰ ਸਾਹਿਬ ਨੰਦੇੜ ਦੇ ਦਰਸ਼ਨਾਂ ਵਾਸਤੇ ਸਿਰਸਾ ਤੋਂ ਸ੍ਰੀ ਨਾਇਬ ਸਿੰਘ ਸੈਣੀ ਮੁੱਖ ਮੰਤਰੀ ਹਰਿਆਣਾ ਵੱਲੋਂ ਹਰੀ ਝੰਡੀ ਦਿਖਾ ਕੇ ਰੇਲ ਗੱਡੀ ਨੂੰ ਰਵਾਨਾ ਕੀਤਾ, ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਲਾਘਾ













ਆਵਾਜ਼ਿ ਕੌਮ AWAZE QAUM International Newspaper & WEB TV





ਹਰਿਆਣਾ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ 15 ਮਈ 2026 ਨੂੰ ਤਖ਼ਤ ਸਚਖੰਡ ਸ੍ਰੀ ਹਜ਼ੂਰ ਸਾਹਿਬ ਨੰਦੇੜ ਦੇ ਦਰਸ਼ਨਾਂ ਵਾਸਤੇ ਸਿਰਸਾ ਤੋਂ ਸ੍ਰੀ ਨਾਇਬ ਸਿੰਘ ਸੈਣੀ ਮੁੱਖ ਮੰਤਰੀ ਹਰਿਆਣਾ ਵੱਲੋਂ ਹਰੀ ਝੰਡੀ ਦਿਖਾ ਕੇ ਰੇਲ ਗੱਡੀ ਨੂੰ ਰਵਾਨਾ ਕੀਤਾ ਗਿਆ ਜਿਸ ਵਿੱਚ 900 ਦੇ ਕਰੀਬ ਯਾਤਰੀਆਂ ਨੂੰ ਮੁਫ਼ਤ ਯਾਤਰਾ ਦਾ ਲਾਭ ਪ੍ਰਾਪਤ ਹੋਇਆ ਇਸ ਸਮੇਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤੀਰਥ ਯਾਤਰਾ ਕਰ ਰਹੀਆਂ ਸੰਗਤਾਂ ਅਤੇ ਸ੍ਰੀ ਨਾਇਬ ਸਿੰਘ ਸੈਣੀ ਮੁੱਖ ਮੰਤਰੀ ਹਰਿਆਣਾ ਸਰਕਾਰ ਦੀ ਸ਼ਲਾਘਾ ਕੀਤੀ ਗਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਮੈਂਬਰ ਸਾਹਿਬਾਨ ਸੰਤ ਮਹਾਂਪੁਰਸ਼ ਸਿੱਖ ਸੰਗਤਾਂ ਧਾਰਮਿਕ ਅਤੇ ਰਾਜਨੀਤਿਕ ਆਗੂ ਸਾਹਿਬਾਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ ਰੇਲ ਗੱਡੀ ਰਵਾਨਾ ਕਰਨ ਤੋਂ ਪਹਿਲਾਂ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਚਰਨ ਛੋਹ ਪ੍ਰਾਪਤ ਪਵਿੱਤਰ ਅਸਥਾਨ ਗੁਰਦੁਆਰਾ ਚਿਲਾ ਸਾਹਿਬ ਪਾਤਸ਼ਾਹੀ ਪਹਿਲੀ ਵਿਖੇ ਮੱਥਾ ਟੇਕਿਆ ਅਤੇ ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਜਗਤਾਰ ਸਿੰਘ ਕਾਰ ਸੇਵਾ ਸਿਰਸਾ ਵੱਲੋਂ ਮਾਣਯੋਗ ਮੁੱਖ ਮੰਤਰੀ ਹਰਿਆਣਾ,ਜਥੇਦਾਰ ਦਾਦੂਵਾਲ ਜੀ ਤੇ ਹੋਰਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨ ਕੀਤਾ ਗਿਆ।

### ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ

# "ਬਾਦਲ ਭਜਾਓ ਮੀਰੀ ਪੀਰੀ ਕਾਲਜ ਪੰਥ ਬਚਾਉ" ਬੈਨਰ ਹੇਠ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿੱਚ ਪੰਥਕ ਇਕੱਤਰਰਤਾ" ਕੀਤੀ ਗਈ











ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ 12 ਅਪ੍ਰੈਲ 2026 ਨੂੰ "ਬਾਦਲ ਭਜਾਓ ਮੀਰੀ ਪੀਰੀ ਕਾਲਜ ਪੰਥ ਬਚਾਉ" ਬੈਨਰ ਹੇਠ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿੱਚ ਪੰਥਕ ਇਕੱਤਰਰਤਾ" ਕੀਤੀ ਗਈ ਸੀ ਅਕਾਲ ਪੁਰਖ ਵਾਹਿਗੁਰੂ ਦੀ ਕਿਰਪਾ ਸਦਕਾ ਮੋਰਚਾ ਫਤਹਿ ਹੋਣ ਤੇ ਗੁਰੂ ਦਾ "ਸ਼ੁਕਰਾਨਾ ਸਮਾਗਮ" 24 ਮਈ 2026 ਦਿਨ ਐਤਵਾਰ ਨੂੰ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਸਵੇਰੇ 9ਵਜੇ ਤੋਂ ਦੁਪਹਿਰ 1ਵਜੇ ਤੱਕ ਕੀਤਾ ਜਾ ਰਿਹਾ ਹੈ ਜਿਸ ਦੀਆਂ ਤਿਆਰੀਆਂ ਸਬੰਧੀ ਅੱਜ ਗੁਰਦੁਆਰਾ ਦਾਦੂ ਸਾਹਿਬ ਵਿਖੇ ਨਗਰ ਨਿਵਾਸੀ ਦਾਦੂ ਸਾਹਿਬ ਦੇ ਸੇਵਾਦਾਰਾਂ ਦੀ ਮੀਟਿੰਗ ਕੀਤੀ ਗਈ ਸਮਾਗਮ ਦੀਆਂ ਤਿਆਰੀਆਂ ਲਈ ਵਿਚਾਰ ਵਟਾਂਦਰਾ ਹੋਇਆ ਸੇਵਾਦਾਰਾਂ ਨੇ ਅੱਜ ਤੋਂ ਹੀ ਸਮਾਗਮ ਦੀਆਂ ਤਿਆਰੀਆਂ ਲਈ ਜੈਕਾਰਿਆਂ ਦੀ ਗੂੰਜ ਵਿੱਚ ਕਮਰਕੱਸੇ ਕੀਤੇ ਅਤੇ ਸੇਵਾ ਲਈ ਜੁੱਟ ਗਏ

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243